ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 8 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੬ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਯੂਟਿਊਬਰ ਜਸਬੀਰ ਸਿੰਘ ਨੂੰ ਮੁੜ 2 ਦਿਨਾਂ ਦੇ ਪੁਲਿਸ ਰਿਮਾਂਡ ’ਤੇ ਭੇਜਿਆ

ਮੋਹਾਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਪੁਲਿਸ ਵਲੋਂ ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤੇ ਗਏ ਯੂਟਿਊਬਰ ਜਸਬੀਰ ਸਿੰਘ ਦਾ 3 ਦਿਨਾਂ ਦਾ ਪੁਲਿਸ ਰਿਮਾਂਡ ਖ਼ਤਮ ਹੋ ਗਿਆ ਤੇ ਉਸ ਨੂੰ ਅੱਜ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਮੋਹਾਲੀ ਅਦਾਲਤ ਵਿਚ ਪੇਸ਼ ਕੀਤਾ। ਜਿੱਥੇ ਅਦਾਲਤ ਨੇ ਉਸ ਨੂੰ 2 ਦਿਨਾਂ ਦੇ ਪੁਲਿਸ ਰਿਮਾਂਡ ’ਤੇ ਭੇਜ ਦਿਤਾ ਹੈ। ਜ਼ਿਕਰਯੋਗ ਹੈ ਕਿ ਜਸਬੀਰ ਸਿੰਘ ਰੋਪੜ ਦੇ ਮਹਲਾਂ ਪਿੰਡ ਦਾ ਰਹਿਣ ਵਾਲਾ ਹੈ, ਉਸ ਦੇ ਯੂਟਿਊਬ ਚੈਨਲ ਦਾ ਨਾਂ- ‘ਜਾਨ ਮਹਲ’ ਹੈ। ਪਾਕਿਸਤਾਨ ਲਈ ਜਾਸੂਸੀ ਕਰਨ ਦੇ ਦੋਸ਼ਾਂ ਤਹਿਤ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਪੁਲਿਸ ਦੀ ਜਾਂਚ ’ਚ ਸਾਹਮਣੇ ਆਇਆ ਹੈ ਕਿ ਉਹ ਆਈਐਸਆਈ ਏਜੰਟ ਸ਼ਾਕਿਰ ਉਰਫ਼ ਜੱਟ ਰੰਧਾਵਾ ਦੇ ਸੰਪਰਕ ’ਚ ਸੀ। ਉਸ ਦੇ ਫ਼ੋਨ ’ਚੋਂ ਕਈ ਪਾਕਿਸਤਾਨੀ ਨੰਬਰ ਵੀ ਮਿਲੇ ਹਨ। ਉਸ ਦਾ ਸੰਪਰਕ ਹਰਿਆਣਾ ਤੋਂ ਗ੍ਰਿਫ਼ਤਾਰ ਕੀਤੀ ਗਈ ਯੂਟਿਊਬਰ ਜੋਤੀ ਮਲਹੋਤਰਾ ਤੇ ਪਾਕਿਸਤਾਨ ਉੱਚਆਯੋਗ ਤੋਂ ਬਰਖ਼ਾਸਤ ਅਧਿਕਾਰੀ ਅਹਿਸਾਨ-ਉਰ-ਰਹੀਮ ਉਰਫ਼ ਦਾਨਿਸ਼ ਨਾਲ ਵੀ ਸਨ। ਜੋਤੀ ਮਲਹੋਤਰਾ ਨਾਲ ਇਕ ਯੂਟਿਊਬਰ ਵੀਡੀਓ ਕਰ ਕੇ ਹੀ ਜਸਬੀਰ ਸਿੰਘ ਪੁਲਿਸ ਦੀ ਰਡਾਰ ’ਤੇ ਆਇਆ। ਦੱਸਣਾ ਬਣਦਾ ਹੈ ਕਿ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਦੇ ਡੀਐਸਪੀ ਪਵਨ ਸ਼ਰਮਾ ਨੇ ਜਾਣਕਾਰੀ ਦਿਤੀ ਸੀ ਕਿ ਜਸਬੀਰ ਸਿੰਘ ਦੇ ਵਿਰੁਧ ਮੋਹਾਲੀ ’ਚ ਕੇਸ ਦਰਜ਼ ਹੋਇਆ ਸੀ।

## ਪੰਜਾਬੀਆਂ ਲਈ ਮੌਤ ਦਾ ਗੜ੍ਹ ਬਣਦਾ ਜਾ ਰਿਹਾ ਕੈਨੇਡਾ !

# ਇਕ ਹੋਰ ਨੌਜਵਾਨ ਦਾ ਗੋਲੀਆਂ ਮਾਰਕੇ ਕਤਲ

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦਾ ਨਾਮ ਇੰਦਰਪਾਲ ਸਿੰਘ ਹੈ। ਇੰਦਰਪਾਲ ਲਗਭਗ ਡੇਢ ਸਾਲ ਪਹਿਲਾਂ ਕੈਨੇਡਾ ਦੇ ਐਡਮਿੰਟਨ ਗਿਆ ਸੀ। ਉਹ ਉੱਥੇ ਟੈਕਸੀ ਡਰਾਈਵਰ ਵਜੋਂ ਕੰਮ ਕਰਦਾ ਸੀ। ਪੁਲਿਸ ਅਨੁਸਾਰ, ਐਡਮਿੰਟਨ ਦੇ ਦੱਖਣ-ਪੱਛਮੀ ਹਿੱਸੇ ਵਿੱਚ ਦੇਰ ਰਾਤ ਕੁਝ ਅਣਪਛਾਤੇ ਲੋਕਾਂ ਨੇ ਉਸਨੂੰ ਗੋਲੀ ਮਾਰ ਦਿੱਤੀ। ਮੈਡੀਕਲ ਰਿਪੋਰਟ ਅਨੁਸਾਰ, ਗੋਲੀ ਲੱਗਣ ਤੋਂ ਬਾਅਦ ਇੰਦਰਜੀਤ ਦੀ ਮੌਕੇ ’ਤੇ ਹੀ ਮੌਤ ਹੋ ਗਈ। ਇੰਦਰਪਾਲ ਦੀ ਪਤਨੀ ਗਰਭਵਤੀ ਹੈ। ਉਸਨੇ ਆਪਣੀ ਪਤਨੀ ਨੂੰ ਵਰਕ ਪਰਮਿਟ ’ਤੇ ਬੁਲਾਇਆ ਸੀ। ਉਹ ਆਪਣੀ ਪਤਨੀ ਅਤੇ 8 ਸਾਲ ਦੀ ਧੀ ਨਾਲ ਉੱਥੇ ਰਹਿੰਦਾ ਸੀ। ਇੰਦਰਪਾਲ ਲੁਧਿਆਣਾ ਜ਼ਿਲ੍ਹੇ ਦੇ ਜੰਡ ਪਿੰਡ ਦਾ ਰਹਿਣ ਵਾਲਾ ਹੈ। ਜਾਣਕਾਰੀ ਅਨੁਸਾਰ, ਇੰਦਰਪਾਲ ਸਿੰਘ ਲਗਭਗ ਡੇਢ ਸਾਲ ਪਹਿਲਾਂ ਹਾਂਗਕਾਂਗ ਤੋਂ ਕੈਨੇਡਾ ਆਇਆ ਸੀ। ਮੁੱਢਲੀ ਜਾਂਚ ਅਨੁਸਾਰ, ਪੁਲਿਸ ਨੂੰ ਸ਼ੱਕ ਹੈ ਕਿ ਇਹ ਕਤਲ ਕਿਸੇ ਨਿੱਜੀ ਦੁਸ਼ਮਣੀ ਜਾਂ ਗੈਂਗਵਾਰ ਨਾਲ ਸਬੰਧਤ ਹੈ। ਫਿਲਹਾਲ, ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਇੰਦਰਪਾਲ ਦੇ ਦੋਸਤ ਹੈਰੀ ਨੇ ਕੈਨੇਡੀਅਨ ਮੀਡੀਆ ਨੂੰ ਦੱਸਿਆ ਕਿ ਉਸਦੀ ਮੌਤ 4 ਗੋਲੀਆਂ ਲੱਗਣ ਤੋਂ ਬਾਅਦ ਹੋਈ। ਉਸਨੇ ਕਿਹਾ ਕਿ ਇੰਦਰਪਾਲ ਉਬੇਰ ਟੈਕਸੀ ਚਲਾਉਂਦਾ ਸੀ। ਉਸਨੇ ਆਪਣੀ ਟੈਕਸੀ ਆਪਣੇ ਘਰ ਦੇ ਬਾਹਰ ਖੜ੍ਹੀ ਕੀਤੀ ਸੀ ਕਿ ਅਚਾਨਕ ਇੱਕ ਅਣਜਾਣ ਵਿਅਕਤੀ ਆਇਆ ਅਤੇ ਉਸਨੂੰ ਚਾਰ ਗੋਲੀਆਂ ਮਾਰ ਦਿੱਤੀਆਂ। ਜਿਸ ਘਰ ਵਿੱਚ ਇੰਦਰਪਾਲ ਰਹਿੰਦਾ ਸੀ, ਉੱਥੇ ਕੁਝ ਹੋਰ ਨੌਜਵਾਨ ਵੀ ਕਿਰਾਏ ’ਤੇ ਰਹਿੰਦੇ ਸਨ। ਹੁਣ ਇਹ ਸਪੱਸ਼ਟ ਨਹੀਂ ਹੈ ਕਿ ਗੋਲੀਆਂ ਚਲਾਉਣ ਵਾਲੇ ਵਿਅਕਤੀ ਦਾ ਨਿਸ਼ਾਨਾ ਉਨ੍ਹਾਂ ਨੌਜਵਾਨਾਂ ਵਿੱਚੋਂ ਕੋਈ ਸੀ ਜਾਂ ਖੁਦ ਇੰਦਰਪਾਲ ਸੀ। ਹੈਰੀ ਦੇ ਅਨੁਸਾਰ, ਪਰਿਵਾਰ ਦੀ ਵਿੱਤੀ ਹਾਲਤ ਬਹੁਤ ਨਾਜ਼ੁਕ ਹੈ।




## ਬਾਬਾ ਸਿੱਦੀਕੀ ਕਤਲ ਕਾਂਡ ਦਾ ਮਾਸਟਰਮਾਈਂਡ ਕੈਨੇਡਾ ਵਿੱਚ ਗ੍ਰਿਫ਼ਤਾਰ, ਜਲੰਧਰ ਦਾ ਰਹਿਣ ਵਾਲਾ ਮੁਲਜ਼ਮ

**ਐਨਸੀਪੀ ਨੇਤਾ ਬਾਬਾ ਸਿੱਦੀਕੀ ਕਤਲ ਕੇਸ ਦੇ** ਮਾਸਟਰਮਾਈਂਡ ਜ਼ੀਸ਼ਾਨ ਅਖ਼ਤਰ ਉਰਫ਼ ਜੱਸੀ ਪੁਰੇਵਾਲ ਨੂੰ ਕੈਨੇਡਾ ਦੀ ਸਰੀ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਅਜੇ ਇਹ ਸਪੱਸ਼ਟ ਨਹੀਂ ਹੈ ਕਿ ਗ੍ਰਿਫ਼ਤਾਰੀ ਕਿਸ ਮਾਮਲੇ ਵਿੱਚ ਕੀਤੀ ਗਈ ਹੈ। 12 ਅਕਤੂਬਰ 2024 ਦੀ ਰਾਤ ਨੂੰ, ਬਾਬਾ ਸਿੱਦੀਕੀ ਨੂੰ ਮੁੰਬਈ ਵਿੱਚ ਉਸਦੇ ਪੁੱਤਰ ਜ਼ੀਸ਼ਾਨ ਸਿੱਦੀਕੀ ਦੇ ਦਫਤਰ ਦੇ ਬਾਹਰ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਗੈਂਗਸਟਰ ਲਾਰੈਂਸ ਗੈਂਗ ਨੇ ਇਸ ਕਤਲ ਦੀ ਜ਼ਿੰਮੇਵਾਰੀ ਲਈ ਸੀ। ਗੈਂਗ ਨੇ ਦਾਅਵਾ ਕੀਤਾ ਸੀ ਕਿ ਬਾਬਾ ਸਿੱਦੀਕੀ ਬਾਲੀਵੁੱਡ ਸਟਾਰ ਸਲਮਾਨ ਖਾਨ ਦਾ ਕਰੀਬੀ ਸੀ। ਇਸੇ ਕਰਕੇ ਉਸ ਨੂੰ ਮਾਰ ਦਿੱਤਾ ਗਿਆ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਸਿੱਦੀਕੀ ਦੇ ਕਤਲ ਦਾ ਮਾਸਟਰਮਾਈਂਡ ਜ਼ੀਸ਼ਾਨ ਅਖ਼ਤਰ ਸੀ, ਜੋ ਕਿ ਜਲੰਧਰ ਦਾ ਰਹਿਣ ਵਾਲਾ ਸੀ। ਜਦੋਂ ਗੋਲੀਬਾਰੀ ਕਰਨ ਵਾਲਿਆਂ ਨੇ ਸਿੱਦੀਕੀ ਨੂੰ ਗੋਲੀ ਮਾਰੀ ਤਾਂ ਉਹ ਮੌਕੇ ’ਤੇ ਮੌਜੂਦ ਸੀ। ਕਤਲ ਤੋਂ ਬਾਅਦ ਉਹ ਵਿਦੇਸ਼ ਭੱਜ ਗਿਆ। ਫਿਰ ਇਹ ਦਾਅਵਾ ਕੀਤਾ ਗਿਆ ਸੀ ਕਿ ਪਾਕਿਸਤਾਨੀ ਡੌਨ ਸ਼ਿਹਜ਼ਾਦ ਭੱਟੀ ਨੇ ਉਸ ਨੂੰ ਭਜਾਉਣ ਵਿੱਚ ਮਦਦ ਕੀਤੀ ਸੀ। ਹਾਲ ਹੀ ਵਿੱਚ, ਲਾਰੈਂਸ ਗੈਂਗ ਨੇ ਜ਼ੀਸ਼ਾਨ ਨਾਲ ਸਾਰੇ ਸਬੰਧਾਂ ਤੋਂ ਇਨਕਾਰ ਕੀਤਾ ਸੀ ਅਤੇ ਉਸਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਸੀ।



### ਮਾਮਲਾ ਸਮਾਜ ਸੇਵਕ ਗੁਰਪ੍ਰੀਤ ਸਿੰਘ ਹਰੀਨੌਂ ਦੇ ਕਤਲ ਦਾ

## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਪੰਜਾਬ ਪੁਲਿਸ ਨੇ ਟਿੰਡਰ ਤੋਂ ਮੰਗੀ ਜਾਣਕਾਰੀ

ਚੰਡੀਗੜ੍ਹ, 7 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਪੁਲਿਸ ਨੇ ਫਰੀਦਕੋਟ ਵਿੱਚ ਮਾਰੇ ਗਏ ਸਮਾਜ ਸੇਵਕ ਗੁਰਪ੍ਰੀਤ ਸਿੰਘ ਹਰੀਨੌਂ ਦੇ ਕਤਲ ਮਾਮਲੇ ਵਿੱਚ ਡੇਟਿੰਗ ਐਪ ਟਿੰਡਰ ਤੋਂ ਇੱਕ ਅਕਾਊਂਟ ਬਾਰੇ ਜਾਣਕਾਰੀ ਮੰਗੀ ਹੈ। ਪੁਲਿਸ ਨੂੰ ਸ਼ੱਕ ਹੈ ਕਿ ਇਹ ਅਕਾਊਂਟ ਖਡੂਰ ਸਾਹਿਬ ਦੇ ਸੰਸਦ ਮੈਂਬਰ ਅਤੇ ਖਾਲਿਸਤਾਨ ਸਮਰਥਕ ਅੰਮ੍ਰਿਤਪਾਲ ਸਿੰਘ ਨਾਲ ਜੁੜਿਆ ਹੋਇਆ ਹੈ। ਫਰੀਦਕੋਟ ਪੁਲਿਸ ਨੇ ਟਿੰਡਰ ਨੂੰ ਭੇਜੇ ਇੱਕ ਪੱਤਰ ਵਿੱਚ ਕਿਹਾ ਹੈ ਕਿ ਉਹ ਸਿੱਖ ਕਾਰਕੁਨ ਗੁਰਪ੍ਰੀਤ ਸਿੰਘ ਹਰੀਨੌਂ ਦੇ ਕਤਲ ਦੀ ਜਾਂਚ ਕਰ ਰਹੇ ਹਨ। ਹਰੀਨੌਂ ਦੀ 9 ਅਕਤੂਬਰ, 2024 ਨੂੰ ਪਿੰਡ ਦੇ ਗੁਰਦੁਆਰੇ ਤੋਂ ਮੋਟਰਸਾਈਕਲ ’ਤੇ ਘਰ ਵਾਪਸ ਆਉਂਦੇ ਸਮੇਂ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਹਰੀਨੌਂ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੇ ਸੰਗਠਨ ’ਵਾਰਿਸ ਪੰਜਾਬ ਦੇ’ ਦਾ ਮੈਂਬਰ ਸੀ। ਜਾਂਚ ਦੌਰਾਨ, ਪੁਲਿਸ ਨੂੰ ‘ਅੰਮ੍ਰਿਤ ਸੰਧੂ’ ਨਾਮ ਦਾ ਇੱਕ ਟਿੰਡਰ ਅਕਾਊਂਟ ਮਿਲਿਆ ਹੈ, ਜਿਸਦਾ ਅੰਮ੍ਰਿਤਪਾਲ ਸਿੰਘ ਨਾਲ ਜੁੜਿਆ ਹੋਣ ਦਾ ਸ਼ੱਕ ਹੈ। 26 ਮਈ ਨੂੰ ਟਿੰਡਰ ਨੂੰ ਭੇਜੇ ਗਏ ਇੱਕ ਪੱਤਰ ਵਿੱਚ ਪੁਲਿਸ ਨੇ ਕਿਹਾ ਕਿ 9 ਅਕਤੂਬਰ, 2024 ਨੂੰ ਗੁਰਪ੍ਰੀਤ ਸਿੰਘ ਨਾਮ ਦੇ ਇੱਕ ਕਾਰਕੁਨ ਦੀ ਮੋਟਰਸਾਈਕਲ ’ਤੇ ਸਵਾਰ ਦੋ ਹਮਲਾਵਰਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਮ੍ਰਿਤਕ ‘ਹਰੀਨੌ ਟਾਕਸ’ ਨਾਮ ਦਾ ਇੱਕ ਫੇਸਬੁੱਕ ਪੇਜ ਚਲਾਉਂਦਾ ਸੀ ਤੇ ਅੰਮ੍ਰਿਤਪਾਲ ਸਿੰਘ ਵਿਰੁੱਧ ਆਵਾਜ਼ ਉਠਾਉਂਦਾ ਸੀ। ਪੁਲਿਸ ਨੇ ਆਪਣੇ ਪੱਤਰ ਵਿੱਚ ਸਪੱਸ਼ਟ ਕੀਤਾ ਹੈ ਕਿ ਜਾਂਚ ਦੌਰਾਨ ਮਿਲੇ ਇਸ ਟਿੰਡਰ ਅਕਾਊਂਟ ਦੇ ਸੰਚਾਰ ਤੇ ਡੇਟਾ ਵਿਸ਼ਲੇਸ਼ਣ ਨਾਲ ਜਾਂਚ ਏਜੰਸੀ ਨੂੰ ਕੇਸ ਸੁਲਝਾਉਣ ਵਿੱਚ ਮਦਦ ਮਿਲ ਸਕਦੀ ਹੈ। ਪੰਜਾਬ ਪੁਲਿਸ ਨੇ ਟਿੰਡਰ ਤੋਂ ਇਸ ਖਾਤੇ ਦੀ ਸਾਰੀ ਜਾਣਕਾਰੀ ਮੰਗੀ ਹੈ। ਇਸ ਵਿੱਚ 1 ਜਨਵਰੀ, 2019 ਤੋਂ ਹੁਣ ਤੱਕ ਸਬਸਕ੍ਰਾਇਬਰ ਡਿਟੇਲ, ਨਾਮ, ਜਨਮ ਮਿਤੀ, ਫ਼ੋਨ ਨੰਬਰ, ਸਥਾਨ ਦੀ ਜਾਣਕਾਰੀ ਅਤੇ IP ਐਡਰੈੱਸ ਲੌਗ ਸ਼ਾਮਲ ਹਨ। ਪੁਲਿਸ ਨੇ ਖਾਤੇ ਦੁਆਰਾ ਅਪਲੋਡ ਕੀਤੇ ਗਏ ਸਾਰੇ ਲਿੰਕ ਕੀਤੇ ਈਮੇਲ ਆਈਡੀ ਅਤੇ ਫ਼ੋਨ ਨੰਬਰ, ਫੋਟੋਆਂ ਅਤੇ ਮੀਡੀਆ ਫਾਈਲਾਂ, ਦੋਸਤਾਂ/ਸੰਪਰਕਾਂ ਦੀ ਸੂਚੀ ਅਤੇ ਆਪਸੀ ਮੈਚ, ਚੈਟ ਇਤਿਹਾਸ ਅਤੇ ਟਿੰਡਰ ਪਲੇਟਫਾਰਮ ਰਾਹੀਂ ਆਦਾਨ-ਪ੍ਰਦਾਨ ਕੀਤੇ ਗਏ ਸੁਨੇਹੇ ਅਤੇ ਹੋਰ ਕੋਈ ਵੀ ਵੇਰਵੇ ਵੀ ਮੰਗੇ ਹਨ। ਜ਼ਿਕਰ ਕਰ ਦਈਏ ਕਿ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਪਿਛਲੇ ਸਾਲ ਅਕਤੂਬਰ ਵਿੱਚ ਦਾਅਵਾ ਕੀਤਾ ਸੀ ਕਿ ਅੰਮ੍ਰਿਤਪਾਲ ਸਿੰਘ ਦੇ ਇਸ਼ਾਰੇ ’ਤੇ ਕਥਿਤ ਤੌਰ ’ਤੇ ਹਰੀਨੌ ਦਾ ਕਤਲ ਕੀਤਾ ਗਿਆ ਸੀ। ਅੰਮ੍ਰਿਤਪਾਲ ਸਿੰਘ ਇਸ ਸਮੇਂ ਸਖ਼ਤ ਰਾਸ਼ਟਰੀ ਸੁਰੱਖਿਆ ਕਾਨੂੰਨ ਤਹਿਤ ਜੇਲ੍ਹ ਵਿੱਚ ਬੰਦ ਹੈ। ਪੁਲਿਸ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਗੈਂਗਸਟਰ ਤੋਂ ਅੱਤਵਾਦੀ ਬਣੇ ਅਰਸ਼ਦੀਪ ਸਿੰਘ ਉਰਫ਼ ਅਰਸ਼ ਡੱਲਾ ਕਤਲ ਦਾ ਮੁੱਖ ਸਾਜ਼ਿਸ਼ਕਰਤਾ ਸੀ। ਇਸ ਮਾਮਲੇ ਵਿੱਚ ਗਿਰੋਹ ਦੇ ਦੋ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।



## ਸ੍ਰੀ ਹਮੇਕੁੰਟ ਸਾਹਿਬ ਦੀ ਯਾਤਰਾ ਦੌਰਾਨ ਸਿੱਖ ਸਰਧਾਲੂਆਂ ਦੀ ਸਥਾਨਕ ਲੋਕਾਂ ਨਾਲ ਝੜਪ, 2 ਜ਼ਖ਼ਮੀ, ਪੁਲਿਸ ਨੇ ਹਿਰਾਸਤ ’ਚ ਲਏ ਪੰਜਾਬੀ ਸ਼ਰਧਾਲੂ

ਜੋਸ਼ੀਮੱਠ (ਚਮੋਲੀ), 6 ਜੂਨ (ਆਵਾਜ਼ਿ ਕੌਮ ਬਿਊਰੋ)- ਹਿਮਾਚਲ ਪ੍ਰਦੇਸ਼ ਤੋਂ ਬਾਅਦ ਹੁਣ ਉੱਤਰਾਖੰਡ ਵਿੱਚ ਸਿੱਖਾਂ ਨਾਲ ਕਲੇਸ਼ ਦੇ ਮਾਮਲੇ ਦੀ ਸਾਹਮਣੇ ਆ ਰਹੇ ਹਨ। ਹੁਣ ਜੋਸ਼ੀਮੱਠ (ਚਮੋਲੀ) ਵਿੱਚ ਇੱਕ ਪਾਰਕਿੰਗ ਵਿਵਾਦ ਕਾਰਨ ਸਿੱਖ ਸ਼ਰਧਾਲੂਆਂ ਤੇ ਸਥਾਨਕ ਲੋਕਾਂ ਵਿਚਕਾਰ ਝੜਪ ਹੋਈ ਹੈ। ਇਸ ਵਿੱਚ ਸਥਾਨਕ ਲੋਕ ਗੰਭੀਰ ਜ਼ਖਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ, ਜ਼ਖ਼ਮੀਆਂ ਵਿੱਚ ਸਥਾਨਕ ਪਾਰਕਿੰਗ ਮਾਲਕ ਤੇ ਉਸਦਾ ਪੁੱਤਰ ਸ਼ਾਮਲ ਹਨ, ਜਦੋਂ ਕਿ ਦੂਜੀ ਧਿਰ ਮੋਹਾਲੀ ਤੋਂ ਹੈ। ਦਰਅਸਲ ਸ੍ਰੀ ਹੇਮਕੁੰਟ ਸਾਹਿਬ ਦਰਸ਼ਨ ਤੋਂ ਵਾਪਸ ਆ ਰਹੇ ਸਿੱਖ ਸ਼ਰਧਾਲੂਆਂ ਦਾ ਇੱਕ ਸਮੂਹ ਜੋਸ਼ੀਮੱਠ ਵਿੱਚ ਰੁਕਿਆ ਹੋਇਆ ਸੀ। ਪੀੜਤਾਂ ਨੇ ਵੀਰਵਾਰ (5 ਜੂਨ) ਨੂੰ ਬਦਰੀਨਾਥ ਹਾਈਵੇਅ ’ਤੇ ਇੱਕ ਹੋਟਲ ਵਿੱਚ ਇੱਕ ਕਮਰਾ ਬੁੱਕ ਕੀਤਾ ਸੀ ਅਤੇ ਨੇੜੇ ਹੀ ਇੱਕ ਨਿੱਜੀ ਪਾਰਕਿੰਗ ਵਿੱਚ ਗੱਡੀ ਖੜ੍ਹੀ ਕਰ ਦਿੱਤੀ ਸੀ। ਜਦੋਂ ਉਹ ਸ਼ੁੱਕਰਵਾਰ ਸਵੇਰੇ ਗੱਡੀ ਕੱਢ ਰਹੇ ਸਨ, ਤਾਂ ਪਾਰਕਿੰਗ ਵਿੱਚ ਲਗਾਇਆ ਗਿਆ ਪਾਈਪ ਖਰਾਬ ਹੋ ਗਿਆ। ਇਸ ਮਾਮਲੇ ਨੂੰ ਲੈ ਕੇ ਸ਼ਰਧਾਲੂਆਂ ਅਤੇ ਪਾਰਕਿੰਗ ਮਾਲਕ ਟੀਕਾ ਪ੍ਰਸਾਦ ਅਤੇ ਪੁੱਤਰ ਗੌਰਵ ਵਿਚਕਾਰ ਬਹਿਸ ਸ਼ੁਰੂ ਹੋ ਗਈ, ਜੋ ਜਲਦੀ ਹੀ ਹਿੰਸਕ ਝੜਪ ਵਿੱਚ ਬਦਲ ਗਈ। ਦੋਸ਼ ਲਗਾਇਆ ਗਿਆ ਹੈ ਕਿ ਸ਼ਰਧਾਲੂਆਂ ਨੇ ਟੀਕਾ ਪ੍ਰਸਾਦ ਅਤੇ ਉਸਦੇ ਪੁੱਤਰ ਗੌਰਵ ’ਤੇ ਪੱਥਰ ਸੁੱਟੇ, ਜਿਸ ਨਾਲ ਦੋਵੇਂ ਜ਼ਖਮੀ ਹੋ ਗਏ। ਗੌਰਵ ਦੇ ਸਿਰ ਵਿੱਚ ਗੰਭੀਰ ਸੱਟ ਲੱਗੀ ਹੈ ਅਤੇ ਉਸ ਨੂੰ ਟਾਂਕੇ ਲੱਗੇ ਹਨ। ਝੜਪ ਤੋਂ ਬਾਅਦ ਸਥਾਨਕ ਲੋਕਾਂ ਨੇ ਦਖਲ ਦੇ ਕੇ ਮਾਮਲਾ ਸ਼ਾਂਤ ਕੀਤਾ। ਇਸ ਤੋਂ ਬਾਅਦ ਸ਼ਰਧਾਲੂ ਭੱਜਣ ਦੀ ਕੋਸ਼ਿਸ਼ ਕਰ ਰਹੇ ਸਨ, ਪਰ ਉਨ੍ਹਾਂ ਨੂੰ ਫੜ ਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ। ਟੀਕਾ ਪ੍ਰਸਾਦ ਇਸ ਸਮੇਂ ਹਸਪਤਾਲ ਵਿੱਚ ਇਲਾਜ ਅਧੀਨ ਹੈ, ਜਦੋਂ ਕਿ ਪੁੱਤਰ ਗੌਰਵ ਨੂੰ ਇਲਾਜ ਤੋਂ ਬਾਅਦ ਛੁੱਟੀ ਦੇ ਦਿੱਤੀ ਗਈ। ਜੋਸ਼ੀਮਠ ਪੁਲਿਸ ਸਟੇਸ਼ਨ ਦੇ ਇੰਚਾਰਜ ਦੇਵੇਂਦਰ ਰਾਵਤ ਨੇ ਕਿਹਾ ਕਿ ਦੋਵਾਂ ਧਿਰਾਂ ਨੇ ਲਿਖਤੀ ਸ਼ਿਕਾਇਤ ਦਿੱਤੀ ਹੈ। “ਸਾਰੇ ਸ਼ਰਧਾਲੂ ਪੰਜਾਬ ਦੇ ਮੋਹਾਲੀ ਤੋਂ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਨ ਆਏ ਸਨ ਅਤੇ ਇਹ ਘਟਨਾ ਵਾਪਸ ਆਉਂਦੇ ਸਮੇਂ ਵਾਪਰੀ। ਪੁਲਿਸ ਨੇ ਪੰਜ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਹੈ ਅਤੇ ਪੁੱਛਗਿੱਛ ਕੀਤੀ ਜਾ ਰਹੀ ਹੈ।” ਜ਼ਖਮੀ ਪਿਤਾ-ਪੁੱਤਰ ਦਾ ਜੋਸ਼ੀਮਠ ਦੇ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY
15TH JUN
AT
12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

# GURDWARA BABA SANG JI
# SMETHWICK, BIRMINGHAM

# 6TH - 8TH JUNE




**Naujawan Sewak Sabha Birmingham UK**

## COMMEMORATING THE SHAHEEDI DIVAS OF
## DHAN DHAN SRI GURU ARJAN DEV MAHARAJ JI
## AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



## Sunday 8th June 2025 (12PM)

ਆਵਾਜ਼ਿ ਕੌਮ AWAZE QAUM
International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**

Design & Printed by Star Signs & Displays - 0121 572 0909

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ।।

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਇੱਕ ਨਜ਼ਰ...



## ਨਿਓ ਜੁਡੀਸ਼ੀਅਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ

ਚੌਕ ਮਹਿਤਾ, 6 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਅੱਜ ਸਬ-ਡਵੀਜ਼ਨਲ ਕੋਰਟ, ਬਾਬਾ ਬਕਾਲਾ ਸਾਹਿਬ ਵਿਖੇ ਪੈਰਾ ਲੀਗਲ ਵਲੰਟੀਅਰ, ਮਾਣਯੋਗ ਸ਼੍ਰੀ ਅਮਰ ਇੰਦਰ ਸਿੰਘ ਗਰੇਵਾਲ, ਲੈਫਟੀਨੈਂਟ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, DLSA, ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਯੋਗ ਸਕੱਤਰ, DLSA ਦੀ ਅਗਵਾਈ ਹੇਠ ਪ੍ਰਭਾਵਸ਼ਾਲੀ "ਹਰ ਇੱਕ - ਇੱਕ ਪੌਦਾ ਲਗਾਓ" ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਹਰੇ ਮਿਸ਼ਨ ਦੀ ਸਫਲਤਾ ਲਈ ਮਿਸ ਰਮਨਦੀਪ ਕੌਰ ਸਿਵਲ ਅਤੇ ਜੁਡੀਸ਼ੀਅਲ ਮੈਜਿਸਟ੍ਰੇਟ, ਮਿਸ ਮਹਿਕਪ੍ਰੀਤ ਕੌਰ ਸਿਵਲ ਅਤੇ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਸ੍ਰੀਮਾਨ ਪਵਨਪ੍ਰੀਤ ਸਿੰਘ ਸਿਵਲ ਅਤੇ ਜੁਡੀਸ਼ੀਅਲ ਮੈਜਿਸਟ੍ਰੇਟ ਨੇ ਆਪਣੇ ਹੱਥੀ ਬੂਟੇ ਲਗਾ ਕੇ ਲੋਕਾ ਨੂੰ ਵਾਤਾਵਰਨ ਦੀ ਹਰਿਆਲੀ ਲਈ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ । ਇਸ ਮੋਕੇ ਇਸ ਮੌਕੇ ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਰਮਨਦੀਪ ਕੌਰ, ਐਡਵੋਕੇਟ ਸਵਿੰਦਰ ਕੌਰ ਗਿੱਲ , ਐਡਵੋਕੇਟ ਕੋਮਲਪ੍ਰੀਤ ਕੌਰ, ਵਕੀਲ ਮਨਦੀਪ ਕੋਰ ,ਪ੍ਰਧਾਨ ਜਸਪ੍ਰੀਤ ਸਿੰਘ ਬਾਠ, ਮੀਤ ਪ੍ਰਧਾਨ ਸਰਬਜੀਤ ਸਿੰਘ ਗਿੱਲ, ਵਕੀਲ ਦਲਬੀਰ ਸਿੰਘ ਬਾਠ, ਵਕੀਲ ਦਲਬੀਰ ਸਿੰਘ ਬੇਦੀ ,ਵਕੀਲ ਵਰਿੰਦਰ ਸਿੰਘ, ਐਡਵੋਕੇਟ ਲੱਖਾ ਸਿੰਘ ਆਜ਼ਾਦ , ਐਡਵੋਕੇਟ ਗੁਰਇਕਬਾਲ ਸਿੰਘ, ਵਕੀਲ ਸਰਬਜੀਤ ਸਿੰਘ ਢਿਲੋ, ਵਕੀਲ ਹਰਪ੍ਰੀਤ ਸਿੰਘ ਸੇਖੋ,ਵਕੀਲ ਸ਼ੁਕਰਗੁਜ਼ਾਰ ਸਿੰਘ, ਵਕੀਲ ਵੀ ਕੇ ਜਸਵਾਲ ਐਡਵੋਕੇਟ ਰਾਜਕਵਲਦੀਪ ਸਿੰਘ ਸੰਧੂ ਸੈਕਟਰੀ , ਵਕੀਲ ਹਰਪ੍ਰੀਤ ਸਿੰਘ ਬੱਲ, ਵਕੀਲ ਸੁਖਦੇਵ ਸਿੰਘ ਟਪਿਆਲਾ, ਵਕੀਲ ਬਿਕਰਮਜੀਤ ਸਿੰਘ ਬਾਠ, ਵਕੀਲ ਸਿਮਰਨਜੀਤ ਸਿੰਘ ਭੁੱਲਰ, ਵਕੀਲ ਸਵਿੰਦਰ ਸਿੰਘ ਰੰਧਾਵਾ ,ਵਕੀਲ ਕੰਵਲਜੀਤ ਸਿੰਘ ਸੰਧੂ ਵਕੀਲ ਦਲਜੀਤ ਸਿੰਘ ਸ਼ੇਰਗਿੱਲ, ਵਕੀਲ ਪ੍ਰਵੀਨਪਾਲ ਸਿੰਘ ਭਲਾਈਪੁਰ, ਵਕੀਲ ਗੁਰਏਜਲ ਮਾਨ ਰੀਡਰ ਰਕੇਸ਼ ਕੁਮਾਰ, ਰੀਡਰ ਦੀਪਕ ਰਾਏ , ਐਹਲਮਦ ਅਵਤਾਰ ਸਿੰਘ, ਐਹਲਮਦ ਬਚਿੱਤਰ ਸਿੰਘ, ਸਟੈਨੋ ਨਰੇਸ਼ ਕੁਮਾਰ, ਸਟੈਨੋ ਕਰਨ ਸਿੰਘ ਭੰਗਾਚੜੀ , ਸਟੈਨੋ ਅੰਕਿਤ, ਜੱਜਮੈਂਟ ਰਾਈਟਰ ਜੁਸ਼ਾਨ , ਅਹੈਲਮਦ ਲਵਪ੍ਰੀਤ ਸਿੰਘ, ਗੁਰਦੇਵ ਸਿੰਘ, ਅਹੈਲਮਦ ਲਵ ਸ਼ਰਮਾ ,ਜਗਮੀਤ ਸਿੰਘ , ਅਹੈਲਮਦ ਮਮਤਾ ਰਾਣੀ , ਮਨਜਿੰਦਰ ਸਿੰਘ, ਪ੍ਰਗਟ ਸਿੰਘ , ਬੈਲਫ ਸ਼ਤਰੋਹਨ , ਨਾਜਰ ਧਰਮਪਾਲ ਸਿੰਘ ਅਤੇ ਪੈਰਾ ਲੀਗਲ ਵਲੰਟੀਅਰ ਦੀਪਕਾ ਵੀ ਹਾਜ਼ਰ ਸਨ।


## ਡੈਂਗੂ ਦੇ ਖਾਤਮੇ ਲਈ ਹਰ ਇੱਕ ਦੀ ਸਾਝੀ ਜੁੰਮੇਵਾਰੀ -ਐਸ ਆਈ ਅਸ਼ੋਕ ਕੁਮਾਰ



ਧੂਰੀ, 6 ਜੂਨ ( ਰਣਜੀਤ ਸਿੰਘ ਪੇਧਨੀ )- ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਬਾਲੀਆਂ,ਕਿਲਾਂ ਹਕੀਮਾਂ,ਲੱਡਾਂ,ਕਾਂਝਲਾ,ਬੇਨੜਾ ਦੇ ਸਰਕਾਰੀ ਅਤੇ ਪ੍ਰਾਈਵੇਟ ਸਿਹਤ ਸੰਸਥਾਵਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਅ ਆਈ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ।ਟੀਮ ਮੈਂਬਰ ਹਰਜੀਤ ਸਿੰਘ, ਅਮਰੀਕ ਸਿੰਘ , ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ ।

# ਸ. ਸਿਮਰਨਜੀਤ ਸਿੰਘ ਮਾਨ ਨੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਦਾ Second Edition ਕੀਤਾ ਲੋਕ ਅਰਪਣ






ਸ. ਸਿਮਰਨਜੀਤ ਸਿੰਘ ਮਾਨ ਜੀ ਨੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਦਾ Second Edition ਨੂੰ ਅੱਜ ਮਿਤੀ 7 ਜੂਨ 2025 ਨੂੰ ਆਪਣੇ ਮੁਬਾਰਕ ਹੱਥਾਂ ਨਾਲ ਲੋਕ ਅਰਪਣ ਕੀਤਾ। ਸ. ਸਿਮਰਨਜੀਤ ਸਿੰਘ ਮਾਨ ਜੀ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸੋਚ ਉੱਤੇ ਪਹਿਰਾ ਦੇਣ ਵਾਲੇ ਹਰ ਆਗੂ ਦਾ ਦਿਲੋਂ ਸਤਿਕਾਰ ਕਰਦੇ ਹਨ। ਸਿੱਖ ਕੌਮ ਦੇ ਮਹਾਨ ਸੰਤ ਸਿਪਾਹੀ ਦੀ ਸੋਚ ਨਾਲ ਚੱਲੇ ਸੰਘਰਸ਼ ਦਾ ਹਿੱਸਾ ਬਣੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਜਿੰਨਾਂ ਪੰਥ ਦੀ ਮਰਿਆਦਾ ਕਾਇਮ ਰੱਖਣ ਦੀ ਖਾਤਿਰ ਜਲਵਤਨੀ ਜ਼ਿੰਦਗੀ ਕਬੂਲ ਕੀਤੀ ਅਤੇ ਕੌਮ ਦੇ ਜਰਨੈਲ ਸ. ਸਿਮਰਨਜੀਤ ਸਿੰਘ ਮਾਨ ਜਿੰਨਾਂ ਪੰਥ ਲਈ ਆਪਣਾ ਸਾਰਾ ਜੀਵਨ ਪੰਜਾਬ ਦੀ ਧਰਤੀ ਤੇ ਰਹਿ ਕੇ ਨਿਧੜਕ ਅਵਾਜ ਬੁਲੰਦ ਕਰਣ ਵਿੱਚ ਗੁਜਾਰਿਆ। ਇੰਨਾਂ ਮਹਾਨ ਸ਼ਖਸਿਅਤਾਂ ਵਿੱਚ ਸੂਤਰਧਾਰ ਬਣੀ ਮੈਂ ਨਿਮਾਣੀ ਰਸ਼ਿੰਦਰ ਕੌਰ ਗਿੱਲ ਆਪਣੇ ਆਪ ਨੂੰ ਬਹੁਤ ਖੁਸ਼ਿਕਸਮਤ ਸਮਝਦੀ ਹਾਂ ਕਿ ਪੰਥ ਦੇ ਮਹਾਨ ਆਗੂਆਂ ਦੇ ਵਿਚਾਰ ਮੈਂ ਪਾਠਕਾਂ ਤੱਕ ਪਹੁੰਚਦਾ ਕਰਣ ਵਿੱਚ ਕਾਮਯਾਬ ਹੋ ਪਾ ਰਹੀ ਹਾਂ। ਗੁਰੂ ਮਹਾਰਾਜ ਨੇ ਕਿਸ ਸ਼ਖਸ ਕੋਲੋਂ ਕੀ ਸੇਵਾ ਲੈ ਲੈਣੀ ਹੈ ਇਹ ਉਸ ਅਕਾਲ ਪੁਰਖ ਦੀ ਅਪਾਰ ਕਿਰਪਾ ਹੈ।

### ਨਿਊਜ਼ੀਲੈਂਡ ਵਿੱਚ ਭਾਰਤੀ ਦੂਤਾਵਾਸ ਉਪਰ ਜੂਨ 1984 ਦੀ ਸਿੱਖ ਨਸਲਕੁਸ਼ੀ ਦੀ ਖੁਸ਼ੀ ਮਨਾਉਣ ਦੇ ਦੋਸ਼

# 1984 ਦੇ ਹਮਲੇ ਦੀ ਵਡਿਆਈ ਕਰਦਿਆਂ ਨਾਅਰੇ ਲਾਏ ਗਏ ਅਤੇ ਸਿੱਖ ਸ਼ਹੀਦਾਂ ਦਾ ਉਡਾਇਆ ਗਿਆ ਮਜ਼ਾਕ





ਨਵੀਂ ਦਿੱਲੀ, 7 ਜੂਨ (ਮਨਪ੍ਰੀਤ ਸਿੰਘ ਖਾਲਸਾ):- ਨਿਊਜੀਲੈਂਡ ਦੇ ਵੈਲਿੰਗਟਨ ਸਥਿਤ ਭਾਰਤੀ ਦੂਤਾਵਾਸ ਦੇ ਬਾਹਰ ਬੀਤੇ ਦਿਨੀਂ ਤਣਾਅ ਦਾ ਮਾਹੌਲ ਬਣ ਗਿਆ ਜਦੋਂ ਨਿਊਜ਼ੀਲੈਂਡ ਦੀ ਸਿੱਖ ਕੌਮ ਨੇ 1984 ਵਿਚ ਤੱਤਕਾਲੀ ਸਰਕਾਰ ਵਲੋਂ ਸ੍ਰੀ ਅਕਾਲ ਤਖਤ ਸਾਹਿਬ ਅਤੇ 37 ਹੋਰ ਗੁਰਧਾਮਾਂ ਉਪਰ ਕੀਤੇ ਗਏ ਫੌਜੀ ਹਮਲੇ ਦੀ 41ਵੀਂ ਬਰਸੀ ਲਈ ਇਕ ਸ਼ਾਂਤੀਪੂਰਨ ਰੋਸ ਧਰਨਾ ਦਿੱਤਾ ਜਾ ਰਿਹਾ ਸੀ ।1984 ਵਿੱਚ ਭਾਰਤੀ ਫੌਜ ਵੱਲੋਂ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕੀਤਾ ਗਿਆ ਸੀ, ਜਿਸ ਵਿੱਚ 10 ਹਜਾਰ ਤੋਂ ਵੱਧ ਨਿਰਦੋਸ਼ ਸ਼ਰਧਾਲੂ ਮਾਰੇ ਗਏ ਸਨ। ਰਵਿੰਦਰ ਸਿੰਘ ਜੋਹਲ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਸਵੇਰੇ 9 ਵਜੇ ਜਦੋਂ ਸਿੱਖ ਭਾਈਚਾਰਾ ਸ਼ਾਂਤੀਪੂਰਨ ਤਰੀਕੇ ਨਾਲ ਆਪਣਾ ਰੋਸ ਪ੍ਰਗਟ ਕਰ ਰਿਹਾ ਸੀ, ਤਾਂ ਭਾਰਤੀ ਦੂਤਾਵਾਸ ਦੇ ਬਾਹਰ ਪਹਿਲਾਂ ਤੋਂ ਹੀ ਲਗਭਗ 30 ਲੋਕ ਭਾਰਤੀ ਝੰਡੇ ਲੈ ਕੇ ਮੌਜੂਦ ਸਨ। ਪ੍ਰਦਰਸ਼ਨਕਾਰੀਆਂ ਦਾ ਦਾਅਵਾ ਹੈ ਕਿ ਇਹ ਗਰੁੱਪ ਦੂਤਾਵਾਸ ਵੱਲੋਂ ਹੀ ਯੋਜਨਾਬੱਧ ਤਰੀਕੇ ਨਾਲ ਸੱਦੇ ਗਏ ਸਨ, ਤਾਂ ਜੋ ਸਿੱਖਾਂ ਦੇ ਰੋਸ ਨੂੰ ਰੋਕਿਆ ਜਾਂ ਉਕਸਾਇਆ ਜਾ ਸਕੇ। ਇਹ ਲੋਕ ਦਿਨ ਭਰ ਦੂਤਾਵਾਸ ਦੇ ਅੰਦਰ- ਬਾਹਰ ਜਾਂਦੇ ਰਹੇ, ਜਿਸ ਨਾਲ ਇਹ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਅੰਦਰੋਂ ਹਿਦਾਇਤਾਂ ਦਿੱਤੀਆਂ ਜਾ ਰਹੀਆਂ ਸਨ। ਉਨ੍ਹਾਂ ਦੀ ਸੰਘਠਿਤ ਗਤੀਵਿਧੀ ਇਹ ਦਰਸਾਉਂਦੀ ਹੈ ਕਿ ਇਹ ਸਾਰੀ ਕਾਰਵਾਈ ਪੂਰੀ ਤਰ੍ਹਾਂ ਯੋਜਨਾਬੱਧ ਸੀ। ਸਥਿਤੀ ਉਦੋਂ ਹੋਰ ਭੜਕ ਗਈ ਜਦੋਂ ਉਨ੍ਹਾਂ ਵੱਲੋਂ 1984 ਦੇ ਹਮਲੇ ਦੀ ਵਡਿਆਈ ਕਰਦਿਆਂ ਨਾਅਰੇ ਲਾਏ ਗਏ ਅਤੇ ਸਿੱਖ ਸ਼ਹੀਦਾਂ ਦਾ ਮਜ਼ਾਕ ਉਡਾਇਆ ਗਿਆ। ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਗਵਾਹਾਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਨਫਰਤਭਰੀ ਭਾਸ਼ਾ ਅਤੇ ਸਿੱਧੀਆਂ ਧਮਕੀਆਂ ਵਰਤੀਆਂ ਗਈਆਂ। ਕਈ ਸਿੱਖ ਪ੍ਰਦਰਸ਼ਨਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਕਿਹਾ ਗਿਆ, "ਤੇਰੇ ਗਲੇ ਚ ਟਾਇਰ ਪਾ ਕੇ ਸਾੜਾਂਗੇ÷, ਜੋ 1984 ਦੌਰਾਨ ਹੋਏ ਕਤਲੇਆਮ ਦੀ ਬਰਬਰਤਾ ਦੀ ਯਾਦ ਤਾਜਾ ਕਰਵਾਦਾਂ ਹੈ। ਕੁਝ ਨੇ ਇਹ ਵੀ ਕਿਹਾ, "ਜੇ ਪੁਲਿਸ ਨਾ ਹੁੰਦੀ, ਅਸੀਂ ਤੁਹਾਨੂੰ ਠੀਕ ਕਰ ਦਿੰਦੇ।" ਇਨ੍ਹਾਂ ਵਿਚੋਂ ਇਕ ਪ੍ਰਦਰਸ਼ਨਕਾਰੀ ਰਜਿੰਦਰ ਸਿੰਘ ਨੇ ਭਾਵੁਕ ਹੋ ਕੇ ਦੱਸਿਆ, "ਮੇਰੇ ਤਿੰਨ ਦੋਸਤ 1984 ਵਿੱਚ ਹਿੰਦੂ ਭੀੜ ਵੱਲੋਂ ਜਿੰਦਾ ਸਾੜੇ ਗਏ ਸਨ। ਮੈਂ ਅੱਜ ਉਨ੍ਹਾਂ ਦੀ ਯਾਦ ਵਿੱਚ ਇੱਥੇ ਆਇਆ ਹਾਂ। ਪਰ ਜਦੋਂ ਇੱਥੇ ਉਹੀ ਨਾਅਰੇ ਸੁਣੇ ਅਤੇ ਉਹੀ ਨਫਰਤ ਦੇਖੀ, ਤਾਂ 1984 ਦੀਆਂ ਭਿਆਨਕ ਯਾਦਾਂ ਜਿਉਂਦੀਆਂ ਹੋ ਗਈਆਂ। ਅਸੀਂ ਨਿਊਜ਼ੀਲੈਂਡ ਸ਼ਾਂਤੀ ਲਈ ਆਏ ਹਾਂ, ਪਰ ਹੁਣ ਲੱਗਦਾ ਹੈ ਕਿ ਉਹ ਨਫਰਤ ਇੱਥੇ ਵੀ ਸਾਡੇ ਪਿੱਛੇ ਆ ਗਈ ਹੈ।" ਇਹ ਵੀ ਨੋਟ ਕੀਤਾ ਗਿਆ ਕਿ ਉਕਸਾਵਾ ਕਰਨ ਵਾਲੇ ਕਈ ਲੋਕ ਹਰਿਆਣਾ ਤੋਂ ਲੱਗਦੇ ਸਨ, ਇੱਕ ਅਜਿਹਾ ਰਾਜ ਜੋ ਵਿਦੇਸ਼ੀ ਧਿਰਾਂ ਵਿੱਚ ਗੈਰਕਾਨੂੰਨੀ ਅਤੇ ਹਿੰਸਕ ਗਤਿਵਿਧੀਆਂ ਲਈ ਜਾਣਿਆ ਜਾਂਦਾ ਹੈ। ਕੈਨੇਡਾ ਸਰਕਾਰ ਵੀ ਪਹਿਲਾਂ ਇਹ ਦਾਅਵਾ ਕਰ ਚੁੱਕੀ ਹੈ ਕਿ ਭਾਰਤੀ ਸਰਕਾਰ ਹਰਿਆਣਾ ਤੋਂ ਅਪਰਾਧਕ ਗਰੁੱਪਾਂ ਨੂੰ ਵਿਦੇਸ਼ਾਂ ਵਿੱਚ ਕਾਰਵਾਈਆਂ ਲਈ ਵਰਤਦੀ ਹੈ। ਹੁਣ ਸਿੱਖ ਭਾਈਚਾਰਾ ਮਹਿਸੂਸ ਕਰ ਰਿਹਾ ਹੈ ਕਿ ਇਹੀ ਹਿੰਸਕ ਤਰੀਕੇ ਨਿਊਜ਼ੀਲੈਂਡ ਵਿੱਚ ਵੀ ਦੁਹਰਾਏ ਜਾ ਰਹੇ ਹਨ। ਕੌਮ ਨੇ ਨਿਊਜ਼ੀਲੈਂਡ ਸਰਕਾਰ, ਪੁਲਿਸ ਅਤੇ ਅੰਤਰਰਾਸ਼ਟਰੀ ਮਾਨਵ ਅਧਿਕਾਰ ਸੰਸਥਾਵਾਂ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਪੂਰੀ ਜਾਂਚ ਕੀਤੀ ਜਾਵੇ ਅਤੇ ਭਾਰਤੀ ਦੂਤਾਵਾਸ ਵੱਲੋਂ ਉਕਸਾਵੇ ਜਾਂ ਹਿੰਸਾ ਲਈ ਕੋਈ ਵੀ ਸ਼ਾਮਲ ਹੋਵੇ ਤਾਂ ਉਸ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ।

# ਇੱਕ ਨਜ਼ਰ ...





## ਤੀਸਰੇ ਘੱਲੂਘਾਰੇ ਨੂੰ ਸਮਰਪਿਤ ਵੱਖ ਵੱਖ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਗਾਏ ਗਏ

ਚੌਕ ਮਹਿਤਾ, 7 ਜੂਨ, ( ਬਾਬਾ ਸੁਖਵੰਤ ਸਿੰਘ ਚੰਨਣਕੇ) ਤੀਸਰੇ ਘੱਲੂਘਾਰੇ ਨੂੰ ਸਮਰਪਿਤ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਮਹਿਤਾ ਵਿੱਖੇ ਵੱਖ ਵੱਖ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਗਾਏ ਗਏ। ਜਿਨਾ ਵਿੱਚੋਂ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਚੈਰੀਟੇਬਲ ਚੌਕ ਮਹਿਤਾ, ਪਾਰਬਤੀ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ, ਪਲੱਸ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ, ਕੋਆਪ੍ਰੇਟਿਵ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਹੋਰ ਬੇਅੰਤ ਹਸਪਤਾਲਾਂ ਵੱਲੋਂ ਖ਼ੂਨ ਦਾਨ ਕੈਂਪ ਲਗਾਏ ਗਏ। ਸੀਨੀਅਰ ਡਾ, ਗੁਰਪ੍ਰਤਾਪ ਸਿੰਘ, ਡਾ, ਦਿਲਬਾਗ ਸਿੰਘ, ਡਾ, ਰੁਪਿੰਦਰ ਸਿੰਘ, ਡਾ, ਗੁਰਮੁੱਖ ਸਿੰਘ, ਡਾ, ਨੰਦਨੀ, ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਚੈਰੀਟੇਬਲ ਚੌਕ ਮਹਿਤਾ, ਪਲੱਸ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਚੇਅਰਮੈਨ  ਈ ਐਮ ਸੀ ਤੋਂ ਡਾ, ਪਵਨ ਅਰੋੜਾ, ਡਾ, ਐਮ ਡੀ ਕਿਸੇ ਅਰੋੜਾ, ਡਾ, ਕਾਜੀ, ਡਾ, ਅਮਿਤ ਮਲਹੋਤਰਾ, ਡਾ, ਮਨਜੀਤ ਕੈਂਪ ਇੰਚਾਰਜ ਲਖਵਿੰਦਰ ਸਿੰਘ ਅਰਸੀ, ਡਾ, ਵਿਕਰਮ ਸਿੰਘ, ਡਾ, ਅਰਸਦੀਪ ਸਿੰਘ, ਡਾ, ਸਿਮਰਨ ਪਰੀਤ ਕੌਰ ਦਾ  ਕੋਆਪਰੇਟ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ, ਆਦਿ ਹਾਜ਼ਰ ਸਨ।

## ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ





ਫਿਰੋਜ਼ਪੁਰ 7 ਜੂਨ (ਮਨੋਹਰ ਲਾਲ): ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਥ ਅਤੇ ਸ਼ਾਂਤੀ ਦੇ ਪੁੰਜ ਵਜੋਂ ਜਾਣੇ ਜਾਂਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਬੰਧਕ ਕਮੇਟੀ ਗੁਰਦੁਆਰਾ ਭਾਈ ਹਾਕਮ ਸਿੰਘ ਮਖੂ ਗੇਟ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪਿਛਲੇ ਮਹੀਨੇ ਦੀ 12 ਤਾਰੀਖ ਤੋਂ ਜੋ ਗੁਰਦੁਆਰਾ ਸਾਹਿਬ ਦੀ ਇਤਸਰੀ ਸਤਿਸੰਗ ਸਭਾ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੀ ਲੜੀ ਆਰੰਭ ਕੀਤੀ ਗਈ ਸੀ ਉਸ ਦੇ ਅੱਜ ਸ਼ਾਮ ਭੋਗ ਪਾਏ ਗਏ। ਭੋਗ ਤੋਂ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਭਾਈ ਰਣਜੀਤ ਸਿੰਘ, ਅਮਨਦੀਪ ਸਿੰਘ ਅਤੇ ਬੀਬੀ ਅਮਰਜੀਤ ਕੌਰ ਦੇ ਜਥਿਆ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ ਸਾਹਿਬ ਵੱਲੋਂ ਪਾਏ ਪੂਰਨਿਆਂ ਤੇ ਸੰਗਤਾਂ ਨੂੰ ਚੱਲਣ ਦੀ ਪ੍ਰੇਰਨਾ ਕੀਤੀ। ਆਖਿਰ ਵਿਚ ਇਨ੍ਹਾਂ ਸਮਾਗਮਾਂ ਵਿਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਵੀ ਕੀਤਾ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਸਮਾਗਮ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਮੁਖਤਿਆਰ ਸਿੰਘ, ਸਰਪ੍ਰਸਤ ਭਾਈ ਜਸਪਾਲ ਸਿੰਘ, ਨਿਰਮਲ ਸਿੰਘ ਦੁਲਚੀਕੇ, ਸੁਰਜੀਤ ਸਿੰਘ, ਸੁਖਬੀਰ ਸਿੰਘ ਸੰਧੂ, ਪ੍ਰਗਟ ਸਿੰਘ, ਅਨੂਪ ਸਿੰਘ, ਅਜਮੇਰ ਸਿੰਘ, ਗੁਰਚਰਨ ਸਿੰਘ ਬਾਵਾ, ਜਸਬੀਰ ਕੌਰ, ਬਲਵਿੰਦਰ ਕੌਰ, ਅਮਨਦੀਪ ਕੌਰ, ਨਰਿੰਦਰ ਕੌਰ, ਸਿਮਰਨਜੀਤ ਕੌਰ, ਰੇਨੂੰ ਧਵਨ, ਗੁਰਮੀਤ ਕੌਰ, ਦਲਜੀਤ ਕੌਰ ਆਦਿ ਹਾਜ਼ਰ ਸਨ।

# ਪਾਕਿਸਤਾਨ ਨੇ ਸੰਯੁਕਤ ਰਾਸ਼ਟਰ ਦੀ ਕਾਊਂਟਰ-ਟੈਰਰਿਜ਼ਮ ਕਮੇਟੀ ਵਿੱਚ ਵਾਈਸ-ਚੇਅਰਮੈਨ ਦੀ ਭੂਮਿਕਾ ਸੰਭਾਲੀ




ਨਿਊਯਾਰਕ, ਇਸਲਾਮਾਬਾਦ , 7 ਜੂਨ (ਸਰਬਜੀਤ ਸਿੰਘ ਬਨੂੜ ) ਪਾਕਿਸਤਾਨ ਨੂੰ ਸੰਯੁਕਤ ਰਾਸ਼ਟਰ ਦੀ ਸੁਰੱਖਿਆ ਕੌਂਸਲ ਦੀ ਕਾਊਂਟਰ-ਟੈਰਰਿਜ਼ਮ ਕਮੇਟੀ (CTC) ਵਿੱਚ ਵਾਈਸ-ਚੇਅਰਮੈਨ ਦੇ ਤੌਰ 'ਤੇ ਨਿਯੁਕਤ ਕੀਤਾ ਗਿਆ ਹੈ। ਇਹ ਭੂਮਿਕਾ ਪਾਕਿਸਤਾਨ ਦੇ ਸਥਾਈ ਨੁਮਾਇੰਦੇ ਆਸਿਮ ਇਫ਼ਤਿਖਾਰ ਅਹਿਮਦ ਵੱਲੋਂ ਨਿਭਾਈ ਜਾਵੇਗੀ। ਚੇਅਰਮੈਨ ਦੇ ਤੌਰ 'ਤੇ ਅਲਜੀਰੀਆ ਦੇ ਰਾਜਦੂਤ ਅਮਰ ਬੈਂਜਾਮਾ ਦੀ ਨਿਯੁਕਤੀ ਹੋਈ ਹੈ, ਜਦਕਿ ਹੋਰ ਵਾਈਸ-ਚੇਅਰਮੈਨ ਦੇਸ਼ਾਂ ਵਿੱਚ ਫਰਾਂਸ ਅਤੇ ਰੂਸ ਸ਼ਾਮਲ ਹਨ। ਇਹ ਨਿਯੁਕਤੀ ਉਸ ਸਮੇਂ ਹੋਈ ਹੈ ਜਦੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਆਤੰਕਵਾਦ ਨੂੰ ਲੈ ਕੇ ਵਧ ਰਿਹਾ ਵਿਵਾਦ ਇੱਕ ਗੰਭੀਰ ਰੂਪ ਧਾਰਨ ਕਰ ਚੁੱਕਾ ਹੈ। ਭਾਰਤ ਵੱਲੋਂ ਲੰਬੇ ਸਮੇਂ ਤੋਂ ਪਾਕਿਸਤਾਨ 'ਤੇ ਆਤੰਕਵਾਦੀ ਗਤੀਵਿਧੀਆਂ ਨੂੰ ਸਹਾਰਾ ਦੇਣ ਦੇ ਦੋਸ਼ ਲਗਦੇ ਰਹੇ ਹਨ, ਜਿਸ ਵਿੱਚ ਖ਼ਾਲਿਸਤਾਨੀ ਅਤੇ ਜੰਮੂ-ਕਸ਼ਮੀਰ ਵਿਚ ਵੱਲੋਂ ਹੋ ਰਹੀ ਹਿੰਸਾ ਖ਼ਾਸ ਤੌਰ 'ਤੇ ਦੱਸਣਯੋਗ ਹੈ। ਦੂਜੇ ਪਾਸੇ, ਪਾਕਿਸਤਾਨ ਨੇ ਆਪਣੇ ਆਪ ਨੂੰ "ਆਤੰਕਵਾਦ ਵਿਰੋਧੀ" ਮੁਹਿੰਮ ਦਾ ਹਾਮੀ ਦੱਸਦਿਆਂ ਕਿਹਾ ਹੈ ਕਿ ਉਹ ਸੰਯੁਕਤ ਰਾਸ਼ਟਰ ਪੱਧਰ 'ਤੇ ਆਪਣੀ ਭੂਮਿਕਾ ਨਿਭਾਉਣ ਲਈ ਵਚਨਬੱਧ ਹੈ। ਆਸਿਮ ਇਫ਼ਤਿਖਾਰ ਨੇ ਕਮੇਟੀ ਦੀ ਭੂਮਿਕਾ ਸੰਭਾਲਣ ਮਗਰੋਂ ਕਿਹਾ ਕਿ ਪਾਕਿਸਤਾਨ ਦੁਨੀਆ ਭਰ ਵਿਚ ਆਤੰਕਵਾਦ ਖ਼ਿਲਾਫ਼ ਨੀਤੀਕ ਤੌਰ 'ਤੇ ਵੱਧੀ ਹੋਈ ਲੜਾਈ 'ਚ ਆਪਣਾ ਯੋਗਦਾਨ ਪਾਉਣ ਲਈ ਤਤਪਰ ਹੈ। ਭਾਰਤੀ ਰਾਜਨੀਤਿਕ ਅਤੇ ਰਣਨੀਤਿਕ ਮਾਹਿਰਾਂ ਨੇ ਇਸ ਨਿਯੁਕਤੀ 'ਤੇ ਪ੍ਰਤੀਕ੍ਰਿਆ ਦਿੱਤੀ ਹੈ ਕਿ ਇਹ "ਨੈਤਿਕ ਵਿਡੰਬਨਾ" ਹੈ ਕਿ ਜਿੱਥੇ ਇੱਕ ਪਾਸੇ ਪਾਕਿਸਤਾਨ ਖ਼ੁਦ ਕਈ ਆਤੰਕਵਾਦੀ ਸੰਗਠਨਾਂ ਨੂੰ ਪਨਾਹ ਦੇਣ ਦੇ ਦੋਸ਼ਾਂ 'ਚ ਘਿਰਿਆ ਹੋਇਆ ਹੈ, ਉੱਥੇ ਦੂਜੇ ਪਾਸੇ ਉਹ ਸੰਯੁਕਤ ਰਾਸ਼ਟਰ ਦੀ ਆਤੰਕਵਾਦ ਵਿਰੋਧੀ ਕਮੇਟੀ ਵਿੱਚ ਭੂਮਿਕਾ ਨਿਭਾ ਰਿਹਾ ਹੈ। ਸੰਯੁਕਤ ਰਾਸ਼ਟਰ ਕਾਊਂਟਰ-ਟੈਰਰਿਜ਼ਮ ਕਮੇਟੀ (CTC) ਦੀ ਸਥਾਪਨਾ 2001 ਵਿੱਚ ਕੀਤੀ ਗਈ ਸੀ ਅਤੇ ਇਹ ਸੰਸਾਰ ਭਰ ਵਿੱਚ ਆਤੰਕਵਾਦ ਖ਼ਿਲਾਫ਼ ਰਣਨੀਤੀਆਂ ਅਤੇ ਨੀਤੀਆਂ ਦੀ ਨਿਗਰਾਨੀ ਕਰਦੀ ਹੈ। 2025 ਲਈ ਕਮੇਟੀ ਦੇ ਮੈਂਬਰਾਂ ਵਿੱਚ ਚੀਨ, ਅਮਰੀਕਾ, ਯੂਕੇ, ਰੂਸ, ਫਰਾਂਸ (ਸਥਾਈ), ਅਤੇ ਭਾਰਤ ਸਮੇਤ ਹੋਰ ਗੈਰ-ਸਥਾਈ ਮੈਂਬਰ ਸ਼ਾਮਲ ਹਨ।

### ਆਸ਼ੂ ਮੋਂਗਾ ਕਤਲ ਮਾਮਲੇ ਵਿਚ ਪੰਜਾਬ ਪੁਲਿਸ ਨੂੰ ਵੱਡੀ ਸਫਲਤਾ

# ਗੈਂਗਸਟਰਾਂ ਨੇ ਪੁਲਿਸ 'ਤੇ ਕੀਤੀ ਫਾਇਰਿੰਗ, ਜਵਾਬੀ ਕਾਰਵਾਈ ਵਿੱਚ ਤਿੰਨ ਜ਼ਖ਼ਮੀ



ਫਿਰੋਜ਼ਪੁਰ 7 ਜੂਨ (ਮਨੋਹਰ ਲਾਲ): ਫਿਰੋਜ਼ਪੁਰ ਦੇ ਮਖੂ ਗੇਟ ਇਲਾਕੇ ਵਿੱਚ ਬੀਤੇ ਦਿਨ ਹੋਈ ਗੈਂਗਵਾਰ ਵਿਚ ਆਸ਼ੂ ਮੋਂਗਾ ਨਾਮਕ ਨੌਜਵਾਨ ਦੇ ਕਤਲ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ ਵਿੰਗ ਫਿਰੋਜ਼ਪੁਰ ਨੇ ਸੰਯੁਕਤ ਆਪ੍ਰੇਸ਼ਨ ਚਲਾ ਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਫਿਰੋਜ਼ਪੁਰ ਰੇਂਜ ਦੇ ਡੀਆਈਜੀ ਹਰਮਨਬੀਰ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਗਿਆ ਹੈ, ਜਦਕਿ ਦੋ ਵਿਅਕਤੀਆਂ ਨੂੰ ਪਹਿਲਾਂ ਹੀ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਬੀਤੀ ਰਾਤ ਪੁਲਿਸ ਪਾਰਟੀਆਂ ਨੇ ਫਿਰੋਜ਼ਪੁਰ-ਮੋਗਾ ਰੋਡ 'ਤੇ ਰੱਤਾ ਖੇੜਾ ਨਹਿਰ ਨੇੜੇ ਨਾਕਾਬੰਦੀ ਦੌਰਾਨ ਮੁਲਜ਼ਮਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਮੁਲਜ਼ਮਾਂ ਨੇ ਪੁਲਿਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਜਵਾਬੀ ਕਾਰਵਾਈ ਵਿਚ ਪੁਲਿਸ ਨੇ ਵੀ ਫਾਇਰਿੰਗ ਕੀਤੀ, ਜਿਸ ਵਿੱਚ ਤਿੰਨ ਮੁਲਜ਼ਮਾਂ ਨੂੰ ਚਾਰ ਗੋਲੀਆਂ ਲੱਗੀਆਂ ਅਤੇ ਉਹ ਜ਼ਖਮੀ ਹੋ ਗਏ। ਡੀਆਈਜੀ ਹਰਮਨਬੀਰ ਸਿੰਘ ਗਿੱਲ ਨੇ ਅੱਗੇ ਦੱਸਿਆ ਕਿ ਜ਼ਖਮੀ ਮੁਲਜ਼ਮਾਂ ਦੀ ਪਛਾਣ ਸੋਨੂ, ਗੁਰਜਿੰਦਰ ਸਿੰਘ ਉਰਫ਼ ਗੌੜਾ ਅਤੇ ਅਮਰਜੀਤ ਸਿੰਘ ਵਜੋਂ ਹੋਈ ਹੈ, ਜੋ ਇਸ ਘਟਨਾ ਵਿੱਚ ਮੁੱਖ ਸ਼ੂਟਰ ਸਨ। ਪੁਲਿਸ ਨੇ ਇਨ੍ਹਾਂ ਨੂੰ ਕਾਬੂ ਕਰਕੇ ਇਲਾਜ ਲਈ ਫਿਰੋਜ਼ਪੁਰ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਹੈ। ਉਨ੍ਹਾਂ ਕੋਲੋਂ ਘਟਨਾ ਵਿੱਚ ਵਰਤੇ ਗਏ ਚਾਰ ਪਿਸਤੌਲ, ਇੱਕ ਸਫੈਦ ਰੰਗ ਦੀ ਐਕਟਿਵਾ ਸਕੂਟਰੀ ਅਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਪੁਲਿਸ ਨੇ ਇਸ ਮਾਮਲੇ ਵਿੱਚ ਦੋਵਾਂ ਧਿਰਾਂ ਖਿਲਾਫ ਵੱਖ-ਵੱਖ ਧਾਰਾਵਾਂ ਅਧੀਨ ਕਰਾਸ ਕੇਸ ਦਰਜ ਕੀਤੇ ਹਨ। ਡੀਆਈਜੀ ਨੇ ਕਿਹਾ ਕਿ ਇਸ ਘਟਨਾ ਨੇ ਫਿਰੋਜ਼ਪੁਰ ਸ਼ਹਿਰ ਵਿੱਚ ਸਨਸਨੀ ਫੈਲਾ ਦਿੱਤੀ ਸੀ, ਜਦੋਂ ਮਖੂ ਗੇਟ ਇਲਾਕੇ ਵਿੱਚ ਆਸ਼ੂ ਮੋਂਗਾ ਨਾਮਕ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਪੁਲਿਸ ਨੇ ਤੁਰੰਤ ਜਾਂਚ ਸ਼ੁਰੂ ਕੀਤੀ ਅਤੇ ਸੂਚਨਾਵਾਂ ਦੇ ਆਧਾਰ 'ਤੇ ਮੁਲਜ਼ਮਾਂ ਦਾ ਪਿੱਛਾ ਕੀਤਾ। ਉਨ੍ਹਾਂ ਦੱਸਿਆ ਕਿ ਬੀਤੀ ਰਾਤ ਫਿਰੋਜ਼ਪੁਰ-ਮੋਗਾ ਰੋਡ 'ਤੇ ਰੱਤਾ ਖੇੜਾ ਨੇੜੇ ਨਾਕਾਬੰਦੀ ਦੌਰਾਨ ਮੁਲਜ਼ਮਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਨੇ ਪੁਲਿਸ 'ਤੇ ਹਮਲਾ ਕਰ ਦਿੱਤਾ। ਜਵਾਬੀ ਫਾਇਰਿੰਗ ਵਿੱਚ ਤਿੰਨ ਮੁਲਜ਼ਮ ਜ਼ਖਮੀ ਹੋਏ, ਜਿਨ੍ਹਾਂ ਨੂੰ ਕਾਬੂ ਕਰ ਲਿਆ ਗਿਆ। ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਪੁਲਿਸ ਅਤੇ ਕਾਊਂਟਰ ਇੰਟੈਲੀਜੈਂਸ ਵਿੰਗ ਮਿਲ ਕੇ ਇਸ ਗੈਂਗ ਦਾ ਪੂਰੀ ਤਰ੍ਹਾਂ ਸਫਾਇਆ ਕਰਨ ਲਈ ਵਚਨਬੱਧ ਹਨ। ਡੀਆਈਜੀ ਹਰਮਨਬੀਰ ਸਿੰਘ ਗਿੱਲ ਨੇ ਸਪੱਸ਼ਟ ਕੀਤਾ ਕਿ ਇਸ ਮਾਮਲੇ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ ਅਤੇ ਬਾਕੀ ਬਚੀ ਰਿਕਵਰੀ ਵੀ ਜਲਦ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਪੁਲਿਸ ਅਪਰਾਧ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ ਅਤੇ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਆਪ੍ਰੇਸ਼ਨ ਵਿਚ ਫਿਰੋਜ਼ਪੁਰ ਦੇ ਐੱਸਐੱਸਪੀ ਭੁਪਿੰਦਰ ਸਿੰਘ ਅਤੇ ਹੋਰ ਪੁਲਿਸ ਅਧਿਕਾਰੀ ਮੌਕੇ 'ਤੇ ਮੌਜੂਦ ਸਨ।





ਦਮਦਮੀ ਟਕਸਾਲ ਵੱਲੋਂ ਸਹੀਦਾਂ ਸਿੰਘਾ 41 ਵੀਂ ਸਹੀਦੀ ਜੋੜ ਮੇਲੇ ਵਿੱਚ ਗੁਰੂ ਸਾਹਿਬ ਜੀ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘ ਬਾਜ ਦੇ ਦਰਸਨ ਕਰਾਉਣਦੇ ਹੋਏ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਇੱਕ ਨਜ਼ਰ...




ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵਿਖੇ ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ 41ਵੇਂ ਸ਼ਹੀਦੀ ਜੋੜ ਮੇਲੇ ਨੂੰ ਸਮਰਪਿਤ ਅੱਜ ਚੱਲ ਰਹੇ ਸ਼ਹੀਦੀ ਸਮਾਗਮ ਮੌਕੇ ਗੁਰਪ੍ਰਕਾਸ਼ ਹਸਪਤਾਲ ਵੱਲੋਂ ਫ੍ਰੀ ਮੈਡੀਕਲ ਕੈਂਪ ਲਾਉਣ ਸਮੇਂ ਡਾਕਟਰਾਂ ਦੀ ਟੀਮ ਦੇ ਨਾਲ ਸਰਪੰਚ ਮਨਦੀਪ ਸਿੰਘ ਸੋਨਾ ਖੱਬੇਰਾਜਪੂਤਾਂ, ਜੁਗਰਾਜ ਸਿੰਘ ਜੋਗਾ, ਤਜਿੰਦਰ ਸਿੰਘ ਬੁੱਟਰ ਤੇ ਹੋਰ।

**ਫੋਟੋ ਅਤੇ ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਂਕ ਮਹਿਤਾ**

## ਜ਼ਿਲ੍ਹੇ ਵਿੱਚ ਪੂਸਾ-44 ਅਤੇ ਪੀਲੀ ਪੂਸਾ ਕਿਸਮਾਂ ਦੀ ਬਿਜਾਈ/ ਟਰਾਂਸਪਲਾਂਟਿੰਗ 'ਤੇ ਮੁਕੰਮਲ ਪਾਬੰਦੀ: ਡਿਪਟੀ ਕਮਿਸ਼ਨਰ

### ਹੁਕਮਾਂ ਦੀ ਉਲੰਘਣਾਂ ਨਾ ਕਰਨ ਕਿਸਾਨ, ਮੱਕੀ ਦੀ ਕਾਸ਼ਤ ਨੂੰ ਤਰਜੀਹ ਦੇਣ ਦੀ ਅਪੀਲ


ਸੰਗਰੂਰ, 6 ਜੂਨ (ਰਣਜੀਤ ਸਿੰਘ ਪੇਧਨੀ ) - ਸੰਦੀਪ ਰਿਸ਼ੀ, ਡਿਪਟੀ ਕਮਿਸ਼ਨਰ, ਸੰਗਰੂਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਪੂਸਾ-44 ਅਤੇ ਪੀਲੀ ਪੂਸਾ ਕਿਸਮਾਂ ਦੀ ਬਿਜਾਈ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ ਕਿਉਂਕਿ ਵਾਧੂ ਸਮਾਂ ਲੈਣ ਕਰ ਕੇ ਇਸ ਨਾਲ ਜਿਥੇ ਪਾਣੀ ਦੀ




ਵੱਧ ਖਪਤ ਅਤੇ ਕੀੜੇਮਾਰ ਦਵਾਈਆਂ/ਖਾਦਾਂ ਦਾ ਖਰਚਾ ਜ਼ਿਆਦਾ ਹੁੰਦਾ ਹੈ, ਉੱਥੇ ਇਨ੍ਹਾਂ ਕਿਸਮਾਂ ਦੀ ਪਰਾਲੀ ਜ਼ਿਆਦਾ ਹੋਣ ਕਾਰਨ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਲੱਗਾ ਦਿੱਤੀ ਜਾਂਦੀ ਹੈ, ਜਿਸ ਨਾਲ ਵਾਤਾਵਰਨ ਵੀ ਪ੍ਰਦੂਸ਼ਿਤ ਹੁੰਦਾ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਸੇ ਕਿਸਾਨ ਵੱਲੋਂ ਜ਼ਿਲ੍ਹੇ ਵਿੱਚ ਪੂਸਾ-44 ਅਤੇ ਪੀਲੀ ਪੂਸਾ ਕਿਸਮਾਂ ਦੀ ਬਿਜਾਈ/ ਟਰਾਂਸਪਲਾਂਟਿੰਗ ਕੀਤੀ ਗਈ ਤਾਂ ਇਸ ਨੂੰ ਸਰਕਾਰੀ ਹੁਕਮਾਂ ਦੀ ਉਲੰਘਣਾ ਮੰਨਿਆ ਜਾਵੇਗਾ। ਇਸ ਕਰਕੇ ਕਿਸਾਨ ਪੂਸਾ-44 ਅਤੇ ਪੀਲੀ ਪੂਸਾ ਕਿਸਮਾਂ ਦੀ ਬਿਜਾਈ/ ਟਰਾਂਸਪਲਾਂਟਿੰਗ ਨਾ ਕਰਨ। ਡਿਪਟੀ ਕਮਿਸ਼ਨਰ ਨੇ ਖੇਤੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ, ਧਰਤੀ ਹੇਠਲੇ ਪਾਣੀ ਨੂੰ ਬਚਾਉਣ ਅਤੇ ਕਿਸਾਨਾਂ ਨੂੰ ਆਰਥਿਕ ਪੱਖੋਂ ਹੋਰ ਮਜ਼ਬੂਤ ਕਰਨ ਲਈ ਕਿਸਾਨਾਂ ਨੂੰ ਝੋਨੇ ਦੇ ਬਦਲ ਵਜੋਂ ਮੱਕੀ ਦੀ ਫ਼ਸਲ ਬੀਜਣ ਦੀ ਅਪੀਲ ਕੀਤੀ। ਝੋਨੇ ਹੇਠਲੇ ਰਕਬੇ ਨੂੰ ਘਟਾ ਕੇ ਮੱਕੀ ਹੇਠ ਲਿਆਉਣ ਲਈ ਸਰਕਾਰ ਵੱਲੋਂ ਇਕ ਪਾਇਲਟ ਪ੍ਰੋਜੈਕਟ ਲਿਆਂਦਾ ਗਿਆ ਹੈ। ਇਸ ਪਾਇਲਟ ਪ੍ਰੋਜੈਕਟ ਤਹਿਤ ਪੰਜਾਬ ਦੇ 6 ਜ਼ਿਲ੍ਹਿਆਂ ਸੰਗਰੂਰ, ਬਠਿੰਡਾ, ਪਠਾਨਕੋਟ, ਗੁਰਦਾਸਪੁਰ, ਜਲੰਧਰ ਅਤੇ ਕਪੂਰਥਲਾ ਵਿੱਚ 10000 ਹੈਕਟੇਅਰ ਰਕਬੇ ਵਿੱਚ ਕਿਸਾਨਾਂ ਨੂੰ ਝੋਨੇ ਤੋਂ ਬਦਲ ਕੇ ਮੱਕੀ ਦੀ ਕਾਸ਼ਤ ਕਰਵਾਉਣ ਦਾ ਟੀਚਾ ਹੈ। ਇਸ ਬਦਲੇ ਕਿਸਾਨਾਂ ਨੂੰ 17500/- ਪ੍ਰਤੀ ਹੈਕਟੇਅਰ ਪ੍ਰੋਤਸ਼ਾਹਨ ਰਾਸ਼ੀ ਦਿੱਤੀ ਜਾਵੇਗੀ ਅਤੇ ਮੱਕੀ ਦੀ 2400 ਰੁਪਏ ਐਮ.ਐਸ.ਪੀ. 'ਤੇ ਖਰੀਦ ਯਕੀਨੀ ਬਣਾਈ ਜਾਵੇਗੀ। ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀਬਾੜੀ ਵਿਭਾਗ ਨਾਲ ਮਿਲ ਕੇ ਮੱਕੀ ਦੀ ਖੇਤੀ ਨੂੰ ਨਵੀਂ ਉਚਾਈਆਂ 'ਤੇ ਲੈ ਜਾਣ ਵਿੱਚ ਸਹਿਯੋਗ ਕਰਨ। ਉਹਨਾਂ ਕਿਹਾ ਕਿ ਕਿਸਾਨ ਵੀਰ ਵਧੇਰੇ ਜਾਣਕਾਰੀ ਲਈ ਖੇਤੀਬਾੜੀ ਵਿਕਾਸ ਅਧਿਕਾਰੀ, ਬਲਾਕ ਖੇਤੀਬਾੜੀ ਅਫਸਰ ਅਤੇ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਨਾਲ ਵੀ ਸੰਪਰਕ ਕਰ ਸਕਦੇ ਹਨ।

## ਮਾਰਕ ਕਾਰਨੇ ਵੱਲੋਂ ਨਰਿੰਦਰ ਮੋਦੀ ਨੂੰ ਜੀ-7 ਸਮਾਗਮ ਵਿੱਚ ਸ਼ਾਮਲ ਹੋਣ ਲਈ ਸਦਾ, ਸਿੱਖ ਜੱਥੇਬੰਦੀਆਂ ਨੇ ਭਾਰੀ ਵਿਰੋਧ ਕਰਣ ਦੀ ਕੱਸੀ ਤਿਆਰੀ

ਨਵੀਂ ਦਿੱਲੀ 7 ਜੂਨ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੇ ਵੱਲੋਂ ਭਾਰਤੀ





ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜੀ-7 ਸਮਾਗਮ ਵਿੱਚ ਸ਼ਾਮਲ ਹੋਣ ਲਈ ਫੋਨ ਕਰਕੇ ਕੈਨੇਡਾ ਆਉਣ ਦਾ ਸੱਦਾ ਦੇਣ ਨੂੰ ਕੈਨੇਡੀਅਨ ਸਿੱਖ ਜਥੇਬੰਦੀਆਂ ਨੇ ਸਿੱਖਾਂ ਨਾਲ ਧੋਖਾ ਦੱਸਿਆ ਹੈ। ਮੋਦੀ ਨੇ ਇਹ ਸੱਦਾ ਕਬੂਲ ਕਰਕੇ ਕਾਰਨੀ ਨੂੰ ਜਿੱਤ ਦੀ ਵਧਾਈ ਦਿੱਤੀ ਹੈ, ਜੋ ਉਸ ਨੇ ਹਾਲੇ ਤੱਕ ਨਹੀਂ ਸੀ ਦਿੱਤੀ। ਭਾਈ ਨਰਿੰਦਰ ਸਿੰਘ ਖਾਲਸਾ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਇਸ ਮੌਕੇ ਸਿੱਖ ਜਥੇਬੰਦੀਆਂ ਨੇ ਕਿਹਾ ਕਿ ਇੱਕ ਪਾਸੇ ਭਾਰਤੀ ਜ਼ੁਲਮ ਤੋਂ ਕੈਨੇਡਾ ਦੇ ਸਿੱਖ ਤੰਗ ਹਨ, ਭਾਰਤ ਵੱਲੋਂ ਭਾਈ ਨਿੱਝਰ ਮਾਮਲੇ 'ਚ ਸਹਿਯੋਗ ਵੀ ਨਹੀਂ ਦਿੱਤਾ ਜਾ ਰਿਹਾ ਜਦਕਿ ਇਸ ਕਤਲ ਵਿੱਚ ਭਾਰਤੀ ਏਜੰਟਾਂ ਦੀ ਸ਼ਮੂਲੀਅਤ ਦੇ ਸਬੂਤ ਹਨ ਪਰ ਦੂਜੇ ਪਾਸੇ ਇਹ ਸਭ ਅਣਗੌਲ ਕੇ ਮੋਦੀ ਨੂੰ ਸੱਦਾ ਭੇਜਿਆ ਗਿਆ ਹੈ। ਵਿਸ਼ਵ ਸਿੱਖ ਸੰਸਥਾ ਨੇ ਕਿਹਾ ਕਿ ਇਹ ਸੱਦਾ ਉਸ ਦਿਨ ਭੇਜਿਆ ਗਿਆ, ਜਦੋਂ ਸਿੱਖ 6 ਜੂਨ ਨੂੰ 1984 ਦੇ ਭਾਰਤੀ ਫ਼ੌਜੀ ਹਮਲੇ ਦੇ ਸ਼ਹੀਦਾਂ ਨੂੰ ਯਾਦ ਕਰ ਰਹੇ ਹਨ। ਦੱਸਣਯੋਗ ਹੈ ਕਿ ਭਾਈ ਨਿੱਝਰ ਨੂੰ 18 ਜੂਨ ਨੂੰ ਸ਼ਹੀਦ ਕੀਤਾ ਗਿਆ ਸੀ ਜਦਕਿ ਇਹ ਜੀ-7 ਸਮਾਗਮ 15 ਤੋਂ 17 ਜੂਨ ਤੱਕ ਚੱਲੇਗਾ। ਸਿੱਖ ਜਥੇਬੰਦੀਆਂ ਨੇ ਸਮਾਗਮ ਦੇ ਬਾਹਰ ਰੋਸ ਪ੍ਰਦਰਸ਼ਨ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ।

## ਭਾਰਤ ਭੂਸ਼ਣ ਆਸ਼ੂ ਦੇ ਹੱਕ 'ਚ ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਤੇ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਨੇ ਚੋਣ ਪ੍ਰਚਾਰ ਕੀਤਾ

ਜੰਡਿਆਲਾ ਗੁਰੂ 7 ਜੂਨ ( ਕੁਲਵੰਤ ਸਿੰਘ ਵਿਰਦੀ ) ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਤੋਂ



ਕਾਂਗਰਸ ਪਾਰਟੀ ਦੇ ਉਮੀਦਵਾਰ ਸ੍ਰੀ ਭਾਰਤ ਭੂਸ਼ਣ ਆਸ਼ੂ ਜੀ ਦੇ ਹੱਕ ਵਿੱਚ ਚੋਣ ਪ੍ਰਚਾਰ ਦੌਰਾਨ ਪੰਜਾਬ ਦੇ ਸਾਬਕਾ ਕੈਬਨਟ ਮੰਤਰੀ ਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਜੀ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਦੇ ਪ੍ਰਧਾਨ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਤੇ ਕੌਂਸਲਰ ਲੱਕੀ ਗੱਲਬਾਤ ਕਰਦੇ ਹੋਏ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਇੱਕ ਅਜਿਹੀ ਪਾਰਟੀ ਹੈ ਜੋ ਹਰ ਵਰਗ ਨੂੰ ਆਪਣੇ ਨਾਲ ਲੈ ਕੇ ਚਲਦੀ ਹੈ ਤੇ ਜੋ ਵਾਅਦੇ ਕਰਦੀ ਹੈ ਉਹ ਪੂਰੇ ਵੀ ਕਰਦੀ ਹੈ। ਅੱਜ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਕਾਂਗਰਸ ਪਾਰਟੀ ਹੀ ਐਸੀ ਪਾਰਟੀ ਹੈ ਜੋ ਦੇਸ਼ ਦਾ ਵਿਕਾਸ ਕਰ ਸਕਦੀ ਹੈ ਉਹਨਾਂ ਦੱਸਿਆ ਕਿ ਬਦਲਾਵ ਦੇ ਨਾਮ ਤੇ ਆਈ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਤੇ ਲੋਕਾਂ ਨੇ ਮਨ ਬਣਾ ਲਿਆ ਹੈ ਕੀ ਆਪਣੀ ਇੱਕ ਇੱਕ ਕੀਮਤੀ ਵੋਟ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਪਾ ਕੇ ਕਾਮਯਾਬ ਬਣਾਵਾਂਗੇ 19 ਤਰੀਕ ਨੂੰ ਲੁਧਿਆਣਾ ਪੱਛਮੀ ਦੇ ਸੂਝਵਾਨ ਵੋਟਰ ਆਪਣੀ ਇੱਕ ਇੱਕ ਵੋਟ ਕਾਂਗਰਸ ਪਾਰਟੀ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ ਪਾ ਕੇ ਵੱਡੀ ਲੀਟ ਨਾਲ ਜਿੱਤ ਹਾਸਿਲ ਕਰਾਉਣਗੇ।

# ਸ਼ਾਂਤੀਪੂਰਵਕ ਸੰਪੰਨ ਹੋਇਆ ਸ਼ਹੀਦੀ ਸਮਾਗਮ ਪੰਥ ਦੇ ਵਿਹੜੇ ਵਿੱਚ ਕਈ ਵੱਡੇ ਸਵਾਲ ਛੱਡ ਗਿਆ: ਪ੍ਰੋ. ਸਰਚਾਂਦ ਸਿੰਘ ਖਿਆਲਾ

**■ ਕੀ ਆਪਣੇ ਆਪ ਨੂੰ ਜਥੇਦਾਰ ਮੰਨਣ ਵਾਲਾ ਵਿਅਕਤੀ ਅਰਦਾਸ ਅਤੇ ਸੰਦੇਸ਼ ਵਿੱਚ ਫ਼ਰਕ ਵੀ ਨਹੀਂ ਜਾਣਦਾ ?**

**■ ਪੰਥਕ ਸੰਪਰਦਾਵਾਂ ਤੇ ਜਥੇਬੰਦੀਆਂ ਦੀ ਏਕਤਾ ਨੇ ਬਾਦਲਾਂ ਨੂੰ "ਸਾਡੀ ਹੀ ਮਰਜ਼ੀ ਚੱਲੂ" ਦੀ ਧਾਰਨਾ 'ਤੇ ਗੌਰ ਕਰਨ ਦਾ ਸੰਦੇਸ਼ ਦਿੱਤਾ ਹੈ**

ਅੰਮ੍ਰਿਤਸਰ, 7 ਜੂਨ (ਆਵਾਜ਼ਿ ਕੌਮ ਬਿਊਰੋ)- ਸਿੱਖ ਚਿੰਤਕ ਅਤੇ ਭਾਜਪਾ ਦੇ ਸਿੱਖ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਾਵੇਂ ਜੂਨ 84 ਦੇ ਘੱਲੂਘਾਰਾ ਦੀ ਯਾਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮਨਾਇਆ ਗਿਆ ਸ਼ਹੀਦੀ ਸਮਾਗਮ ਸ਼ਾਂਤੀਪੂਰਨ ਢੰਗ ਨਾਲ ਪੂਰਾ ਹੋਇਆ ਸੀ, ਪਰ ਇਸ ਨੇ ਪੰਥ ਦੇ ਵਿਹੜੇ ਵਿੱਚ ਵੱਡੇ ਸਵਾਲ ਵੀ ਛੱਡ ਦਿੱਤੇ ਹਨ। ਸਿੱਖ ਕੌਮ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਜੋਂ ਰੱਦ ਕੀਤੇ ਗਏ ਭਾਈ ਕੁਲਦੀਪ ਸਿੰਘ ਗੜਗੱਜ ਦੇ ਇਸ ਚਲਾਕ ਦਾਅਵੇ ਕਿ ਗੁਰੂ ਜੀ ਨੇ ਸਾਨੂੰ ਸਮੇਂ ਦੀ ਨਾਜ਼ੁਕਤਾ ਨੂੰ ਸਮਝਣ ਦੀ ਬੁੱਧੀ ਦਿੱਤੀ ਹੈ ਤੇ ਮੈਂ ਅਰਦਾਸ ਰਾਹੀਂ ਕੌਮ ਨੂੰ ਸੰਦੇਸ਼ ਦਿੱਤਾ 'ਤੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਨਾ ਤਾਂ ਸਾਨੂੰ ਚਲਾਕ ਬਣਨਾ ਸਿਖਾਇਆ ਹੈ ਅਤੇ ਨਾ ਹੀ ਅਰਦਾਸ ਨੂੰ ਸੰਦੇਸ਼ ਕਿਹਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਮੈਨੂੰ ਹੈਰਾਨੀ ਹੈ ਕਿ ਜੋ ਵਿਅਕਤੀ ਆਪਣੇ ਆਪ ਨੂੰ ਜਥੇਦਾਰ ਸਮਝਦਾ ਹੈ, ਉਸ ਨੂੰ ਅਰਦਾਸ ਅਤੇ ਸੰਦੇਸ਼ ਵਿੱਚ ਫ਼ਰਕ ਦਾ ਵੀ ਨਹੀਂ ਪਤਾ। ਉਨ੍ਹਾਂ ਕਿਹਾ ਕਿ ਅਰਦਾਸ ਸਤਿਗੁਰੂ ਦੇ ਚਰਨਾਂ ਵਿੱਚ ਕੀਤੀ ਗਈ ਇੱਕ ਨਿਮਰ ਬੇਨਤੀ ਤੇ ਅਰਜੋਈ ਹੈ। ਇਸ ਦੇ ਨਾਲ ਹੀ,ਸੰਦੇਸ਼ ਕੌਮ ਨੂੰ ਸੰਬੋਧਨ ਕਰਕੇ ਭਵਿੱਖ ਦੀਆਂ ਯੋਜਨਾਵਾਂ ਪ੍ਰਤੀ ਦਿੱਤਾ ਗਿਆ ਇੱਕ ਦਿਸ਼ਾ ਨਿਰਦੇਸ਼ ਹੈ। ਜੇਕਰ ਭਾਈ ਗੜਗੱਜ ਦੇ ਦਾਅਵਿਆਂ ਨੂੰ ਸੱਚ ਮੰਨਿਆ ਜਾਵੇ, ਤਾਂ ਇਹ ਕਿਉਂ ਨਾ ਮੰਨਿਆ ਜਾਵੇ ਕਿ ਉਨ੍ਹਾਂ ਨੇ ਗੁਰੂ ਸਾਹਿਬ ਨੂੰ ਦਿਸ਼ਾ ਦੇਣ ਦੀ ਹਮਾਕਤ ਕੀਤੀ ਹੈ ? ਪਿਛਲੇ ਸਮੇਂ ਵਿੱਚ ਹੋਏ ਸ਼ਹੀਦੀ ਸਮਾਗਮਾਂ ਵਿੱਚ ਕੀਤੀ ਗਈ ਅਰਦਾਸ ਦੀ ਤਰਜ਼ 'ਤੇ ਇਸ ਵਾਰ ਅਰਦਾਸ ਵਿੱਚ ਕਿਹੜੀ ਨਵੀਂ ਗੱਲ ਕਹੀ ਗਈ ? ਉਨ੍ਹਾਂ ਹੈਰਾਨੀ ਪ੍ਰਗਟ ਕੀਤੀ ਕਿ ਸ਼ਹੀਦੀ ਸਮਾਗਮ ਦੀ ਸਮਾਪਤੀ ਤੋਂ ਤੁਰੰਤ ਬਾਅਦ, ਤਖ਼ਤ ਸਾਹਿਬ 'ਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਪੰਜ ਪਿਆਰਿਆਂ ਵੱਲੋਂ ਤਨਖ਼ਾਹੀਆ ਕਰਾਰ ਦਿੱਤੇ ਗਏ ਸ਼ਖ਼ਸ ਨੂੰ ਸਿਰੋਪਾਓ ਦੇ ਦਿੱਤਾ ਗਿਆ। ਜਦੋਂ ਕਿ ਰਵਾਇਤ ਅਨੁਸਾਰ, ਤਨਖ਼ਾਹੀਆ ਲਈ ਤਨਖ਼ਾਹ ਲਵਾ ਕੇ ਤਨਖ਼ਾਹ ਪੂਰੀ ਕਰਕੇ ਤਨਖ਼ਾਹ ਤੋਂ ਮੁਕਤ ਨਹੀਂ ਹੋ ਜਾਂਦਾ ਕਿਸੇ ਵੀ ਤਖ਼ਤ ਸਾਹਿਬ 'ਤੇ ਉਸ ਲਈ ਅਰਦਾਸ ਤਕ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਬੇਸ਼ੱਕ ਸ਼੍ਰੋਮਣੀ ਕਮੇਟੀ ਨੂੰ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੀ ਨਿਯੁਕਤੀ ਦਾ ਅਧਿਕਾਰ ਹੈ, ਪਰ ਇਸ ਗੱਲ ਤੋਂ ਇਨਕਾਰ ਨਹੀਂ ਹੋਇਆ ਜਾ ਸਕਦਾ ਕਿ ਜਥੇਦਾਰਾਂ ਦੀ ਨਿਯੁਕਤੀ ਦਾ ਕਾਰਜ ਵਿਹਾਰ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਾਹਿਬ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਸਿੱਖ ਸੰਪਰਦਾਵਾਂ ਤੇ ਜਥੇਬੰਦੀਆਂ ਦੀ ਪ੍ਰਵਾਨਗੀ ਤੋਂ ਬਿਨਾਂ ਪੂਰਾ ਨਹੀਂ ਹੋ ਸਕਦਾ। ਕੀ ਪੰਥ ਦਾ ਸਰੂਪ ਸਿੱਖ ਸੰਪਰਦਾਵਾਂ, ਨਿਹੰਗ ਸਿੰਘ ਸੰਗਠਨਾਂ ਅਤੇ ਸਿੱਖ ਸਭਾ ਸੁਸਾਇਟੀਆਂ ਦੀ ਸ਼ਮੂਲੀਅਤ ਤੋਂ ਬਿਨਾਂ ਸੰਭਵ ਹੈ ? ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਨੇ ਤਖ਼ਤ ਸਾਹਿਬਾਨ ਦੀ ਵਰਤੋਂ ਇੱਕ ਖ਼ਾਸ ਵਿਅਕਤੀ ਸੁਖਬੀਰ ਸਿੰਘ ਬਾਦਲ ਦੀ ਰਾਜਨੀਤੀ ਨੂੰ ਜ਼ਿੰਦਾ ਰੱਖਣ ਲਈ ਕੀਤੀ ਹੈ। ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦਾ ਕੌਮੀ ਰੁਤਬਾ ਹੈ, ਉਨ੍ਹਾਂ ਦੇ ਅਹੁਦਿਆਂ 'ਤੇ ਉਨ੍ਹਾਂ ਦੀ ਨਿਯੁਕਤੀ ਨੂੰ ਯਕੀਨੀ ਬਣਾਉਣ ਲਈ ਇੱਕ ਵਿਧੀ ਵਿਧਾਨ ਹੈ, ਪਰ ਮੌਜੂਦਾ ਸਮੇਂ ਵਿੱਚ ਜਥੇਦਾਰਾਂ ਦੀ ਨਿਯੁਕਤੀ ਸ਼੍ਰੋਮਣੀ ਕਮੇਟੀ ਦੇ ਮਹਿਜ਼ ਕਰਮਚਾਰੀਆਂ ਦੀ ਤਰਜ਼ 'ਤੇ ਕਰਦਿਆਂ ਸਿੱਖ ਪਰੰਪਰਾ, ਮਰਿਆਦਾ ਅਤੇ ਕੌਮੀ ਰੁਤਬੇ ਨਾਲ ਖਿਲਵਾੜ ਕੀਤਾ ਗਿਆ ਹੈ। ਜਿਸ ਦੇ ਜਵਾਬ ਵਿੱਚ, ਕੱਲ੍ਹ, ਦਮਦਮੀ ਟਕਸਾਲ, ਸੰਤ ਸਮਾਜ ਅਤੇ ਦਲ ਪੰਥ ਨਿਹੰਗ ਸਿੰਘ ਜਥੇਬੰਦੀਆਂ ਸਮੇਤ ਸਾਰੀਆਂ ਸਿੱਖ ਸੰਪਰਦਾਵਾਂ ਅਤੇ ਸੰਸਥਾਵਾਂ ਨੇ ਬਾਦਲ ਦਲ ਵੱਲੋਂ ਦਿੱਤੀ ਗਈ ਇਸ ਚੁਨੌਤੀ ਦਾ ਏਕਤਾ ਨਾਲ ਜਵਾਬ ਦਿੱਤਾ ਅਤੇ ਬਾਦਲਾਂ ਨੂੰ ਸੁਨੇਹਾ ਦਿੱਤਾ ਕਿ ਉਨ੍ਹਾਂ ਦੀ ਪੰਥਕ ਮਾਮਲਿਆਂ 'ਚ "ਸਾਡੀ ਹੀ ਮਰਜ਼ੀ ਚੱਲੂ" ਦੀ ਧਾਰਨਾ ਹੁਣ ਕੰਮ ਨਹੀਂ ਕਰੇਗਾ। ਤਖ਼ਤਾਂ ਦੇ ਜਥੇਦਾਰਾਂ ਦੀ ਨਿਯੁਕਤੀ ਹੁਣ ਪੰਥ ਦੀਆਂ ਸੰਪਰਦਾਵਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਸੰਭਵ ਨਹੀਂ ਹੈ। ਉਨ੍ਹਾਂ ਜੂਨ 84 ਵਰਗੇ ਮਹਾਨ ਸ਼ਹੀਦੀ ਸਮਾਗਮਾਂ ਵਿੱਚ ਅਕਾਲੀ ਦਲ ਦੇ ਪ੍ਰਧਾਨ ਅਤੇ ਸੀਨੀਅਰ ਲੀਡਰਸ਼ਿਪ ਦੀ ਗੈ.ਰਹਾਜ਼ਰੀ 'ਤੇ ਵੀ ਸਵਾਲ ਉਠਾਇਆ ਅਤੇ ਕਿਹਾ ਕਿ ਕੀ ਇਸ ਮਹੱਤਵਪੂਰਨ ਦਿਨ ਦੀ ਅਕਾਲੀ ਲੀਡਰਸ਼ਿਪ ਲਈ ਕੋਈ ਮਹੱਤਤਾ ਨਹੀਂ ਹੈ ? ਕੀ ਸ਼ਹੀਦਾਂ ਦੇ ਨਾਮ 'ਤੇ ਸਿਆਸੀ ਰੋਟੀਆਂ ਸੇਕਣਾ ਹੀ ਉਨ੍ਹਾਂ ਦਾ ਇੱਕੋ ਇੱਕ ਏਜੰਡਾ ਬਣ ਗਿਆ ਹੈ ?



### ਹਲਕਾ ਸੰਗਰੂਰ ਦਾ ਕੋਈ ਖੇਤ ਨਹੀਂ ਰਹੇਗਾ ਨਹਿਰੀ ਪਾਣੀ ਤੋਂ ਸੱਖਣਾ: ਨਰਿੰਦਰ ਕੌਰ ਭਰਾਜ

# ਵਿਧਾਇਕ ਨੇ ਘਰਾਚੋਂ ਵਿਖੇ ਪਾਈ ਜਾ ਰਹੀ ਪਾਈਪ ਲਾਈਨ ਦੇ ਕੰਮ ਦਾ ਲਿਆ ਜਾਇਜ਼ਾ

ਭਵਾਨੀਗੜ੍ਹ, 6 ਜੂਨ (ਰਣਜੀਤ ਸਿੰਘ ਪੇਧਨੀ ) - ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ ਤੇ ਵਿਧਾਨ ਸਭਾ ਹਲਕਾ ਸੰਗਰੂਰ ਵਿਖੇ ਵੀ ਵੱਡੀ ਗਿਣਤੀ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ। ਇਸੇ ਲੜੀ ਤਹਿਤ ਹਲਕੇ ਦੇ ਪਿੰਡਾਂ ਵਿੱਚ ਖੇਤਾਂ ਨੂੰ ਨਹਿਰੀ ਪਾਣੀ ਦੇਣ ਲਈ ਪਾਈਪ ਲਾਈਨਾਂ ਪਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਘਰਾਚੋਂ ਵਿਖੇ ਕਰੀਬ 10 ਕਰੋੜ ਰੁਪਏ ਦੀ ਲਾਗਤ ਪਾਈ ਜਾ ਰਹੀ ਨਹਿਰੀ ਪਾਣੀ ਦੀ ਪਾਈਪ ਲਾਈਨ ਦੇ ਕੰਮ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਕਰੀਬ 3000 ਏਕੜ ਜ਼ਮੀਨ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ। ਹਲਕਾ ਵਿਧਾਇਕ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਕਾਰਨ ਸੂਬੇ ਦੇ ਖੇਤ ਨਹਿਰੀ ਪਾਣੀ ਨੂੰ ਤਰਸਦੇ ਰਹੇ ਤੇ ਪੰਜਾਬ ਦਾ ਧਰਤੀ ਹੇਠਲਾ ਪਾਣੀ ਦਾ ਪੱਧਰ ਬਹੁਤ ਜ਼ਿਆਦਾ ਥੱਲੇ ਡਿੱਗ ਗਿਆ ਤੇ ਲੋਕਾਂ ਲਈ ਪਾਣੀ ਦਾ ਸੰਕਟ ਖੜ੍ਹਾ ਹੋ ਗਿਆ। ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਬਣਨ 'ਤੇ ਖੇਤਾਂ ਨੂੰ ਨਹਿਰੀ ਪਾਣੀ ਦੇਣ ਲਈ ਸੁਚੱਜੀ ਯੋਜਨਾਬੰਦੀ ਕੀਤੀ ਗਈ ਤੇ ਅੱਜ ਹਲਕਾ ਸੰਗਰੂਰ ਸਮੇਤ ਪੂਰੇ ਸੂਬੇ ਦੇ ਖੇਤਾਂ ਨੂੰ ਨਹਿਰੀ ਸਿੰਚਾਈ ਨਾਲ ਜੋੜਨ ਲਈ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਹਲਕਾ ਵਿਧਾਇਕ ਨੇ ਕਿਹਾ ਕਿ ਜਿੱਥੇ ਜਿੱਥੇ ਵੀ ਉਹ ਕਿਸੇ ਵਿਕਾਸ ਕਾਰਜ ਦਾ ਜਾਇਜ਼ਾ ਲੈਣ ਜਾਂ ਉਦਘਾਟਨ ਕਰਨ ਜਾ ਰਹੇ ਹਨ, ਉੱਥੇ ਹੀ ਉਹਨਾਂ ਨੂੰ ਲੋਕਾਂ ਦੇ ਖ਼ੁਸ਼ੀ ਨਾਲ ਖਿੜੇ ਚਿਹਰੇ ਦੇਖਣ ਨੂੰ ਮਿਲ ਰਹੇ ਹਨ ਅਤੇ ਲੋਕ ਵੱਡੇ ਪੱਧਰ ਉੱਤੇ ਸਰਕਾਰ ਦੀ ਸ਼ਲਾਘਾ ਕਰ ਰਹੇ ਹਨ। ਪਾਣੀ ਦੀ ਸੰਭਾਲ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਹੈ, ਨਹੀਂ ਤਾਂ ਦਰਿਆਵਾਂ ਦੀ ਧਰਤੀ ਪੰਜਾਬ, ਮਾਰੂਥਲ ਵਿੱਚ ਬਦਲ ਜਾਵੇਗੀ। ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਸੰਗਰੂਰ ਵਿੱਚ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਜਾਰੀ ਹਨ ਤੇ ਸਾਰੇ ਕੰਮ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹਲਕੇ ਵਿੱਚ ਜਿਹੜੇ ਵੀ ਵਿਕਾਸ ਕਾਰਜ ਹੋ ਰਹੇ ਹਨ, ਉਹਨਾਂ ਉੱਤੇ ਉਹ ਖੁਦ ਵੀ ਨਜ਼ਰ ਰੱਖਣ, ਜੇਕਰ ਕਿਤੇ ਕੋਈ ਕਮੀਂ ਸਾਹਮਣੇ ਆਉਂਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਇਸ ਮੌਕੇ ਐਸ.ਡੀ.ਓ. ਟਿਊਬਵੈੱਲ ਕਾਰਪੋਰੇਸ਼ਨ ਸ਼੍ਰੀ ਸੁਨੀਲ ਕੁਮਾਰ, ਜੇ.ਈ. ਕਮਲਜੀਤ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।



# ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਹਰ ਧਰਮ ਦੇ ਲੋਕਾਂ ਨੂੰ ਈਦ ਦੀਆਂ ਮੁਸਲਮ ਭਾਈਚਾਰੇ ਨੂੰ ਵਧਾਈਆਂ ਦੇਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ, 7 ਜੂਨ ( ਕੁਲਵੰਤ ਸਿੰਘ ਵਿਰਦੀ)- ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਭਾਰਤ ਤੋਂ ਇਲਾਵਾ ਪੂਰੇ ਵਿਸ਼ਵ ਦੇ ਮੁਸਲਮਾਨ ਭਾਈਚਾਰੇ ਨੂੰ ਈਦ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਹਰ ਧਰਮ ਦੇ ਲੋਕਾਂ ਨੂੰ ਆਪਣੇ ਆਪਣੇ ਧਰਮ ਅਨੁਸਾਰ ਧਰਮੀ ਰਾਹਿਬਰਾਂ ਵੱਲੋਂ ਬਣਾਈ ਮਰਯਾਦਾ ਪਰੰਪਰਾ ਤੇ ਪਹਿਰਾ ਦੇਣਾ ਚਾਹੀਦਾ ਹੈ ਅਤੇ ਇਸੇ ਹੀ ਪਰੰਪਰਾ ਮਰਯਾਦਾ ਨੂੰ ਮੁੱਖ ਰੱਖਦਿਆਂ ਮੁਸਲਮ ਭਾਈ ਚਾਰਾ ਵੱਲੋਂ ਆਪਣੇ ਮੁਸਲਮ ਧਰਮ ਨੂੰ ਮੁੱਖ ਰੱਖਦਿਆਂ ਰੋਜੇ ਰਖਨ ਤੇ ਨਿਮਾਜ਼ਾਂ ਪੜੀਆਂ ਜਾਣ ਦੀ ਪਰੰਪਰਾ ਮਰਯਾਦਾ ਲੰਮੇ ਸਮੇਂ ਤੋਂ ਚਲੀ ਆ ਰਹੀ ਹੈ ਅਤੇ ਇਸੇ ਮਰਯਾਦਾ ਪਰੰਪਰਾ ਤੇ ਪਹਿਰਾ ਦੇਂਦਿਆਂ ਅੱਜ ਈਦ ਮੌਕੇ ਮੁਸਿਲਮ ਭਾਈਚਾਰੇ ਵੱਲੋਂ ਨਵੇਂ ਕੱਪੜੇ ਪਾ ਕੇ ਮਸਜਿਦਾਂ ਵਿਚ ਨਿਮਾਜ਼ਾਂ ਪੜੀਆਂ ਜਾਂਦੀਆਂ ਹਨ ਅਤੇ ਇੱਕ ਦੂਸਰੇ ਦੇ ਗਲੇ ਲੱਗ ਈਦ ਦੀਆਂ ਮੁਬਾਰਕਬਾਦ ਦਿੱਤੀਆਂ ਜਾਂਦੀਆਂ ਹਨ, ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਤੋਂ ਇਲਾਵਾ ਕਈ ਸਰਕਾਰੀ ਤੇ ਗੈਰ ਸਰਕਾਰੀ ਨੇਤਾਵਾਂ ਵੱਲੋਂ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਮੁਬਾਰਕਾ ਦਿੱਤੀਆਂ ਗਈਆਂ ਜੋ ਬਹੁਤ ਹੀ ਵਧੀਆ ਤੇ ਸਮੇਂ ਦੀ ਲੋੜ ਵਾਲਾ ਸ਼ਲਾਘਾਯੋਗ ਉਪਰਾਲਾ ਕਿਹਾ ਜਾ ਸਕਦਾ ਹੈ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸਮੂਹ ਮੁਸਲਮ ਭਾਈ ਚਾਰੇ ਨੂੰ ਈਦ ਦੀਆਂ ਵਧਾਈਆਂ ਦਿੰਦੀ ਹੈ ਉਥੇ ਸਮੂਹ ਧਰਮਾਂ ਦੇ ਲੋਕਾਂ ਨੂੰ ਅਪੀਲ ਕਰਦੀ ਹੈ ਹਰ ਇਨਸਾਨ ਨੂੰ ਆਪਣੇ ਧਰਮ ਦੇ ਪੱਕੇ ਧਾਰਨੀ ਬਣਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਜੋਂ ਸਮੇਂ ਦੀ ਮੁੱਖ ਮੰਗ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਵਲਟੋਹਾ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਮੁਬਾਰਕਾਂ ਦੇਣ ਤੇ ਹਰ ਧਰਮ ਦੇ ਲੋਕਾਂ ਨੂੰ ਆਪਣੇ ਧਰਮ ਦੀ ਮਰਯਾਦਾ ਦਾ ਪਾਲਣ ਦੀ ਕਰਨ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਸਾਡੇ ਦੇਸ਼ ਭਾਰਤ ਵਿਚ ਬਹੁਤ ਧਰਮਾ ਮਜਬਾ ਦੇ ਲੋਕ ਬਹੁਤ ਹੀ ਪਿਆਰ ਤੇ ਨਾਲ ਵੱਸਦੇ ਹਨ ਅਤੇ ਹਰ ਧਰਮ ਦੇ ਲੋਕਾਂ ਨੂੰ ਆਪਣੀ ਅਜ਼ਾਦੀ ਮੁਤਾਬਕ ਆਪਣੇ ਧਰਮ ਤੇ ਚੱਲਣ ਪੂਜਾ ਪਾਠ ਕਰਨ ਦੀ ਪੂਰੀ ਅਜ਼ਾਦੀ ਹੈ ਜਦੋਂ ਕਿ ਹੋਰਨਾਂ ਦੇਸ਼ਾਂ ਵਿਚ ਅਜਿਹੀ ਅਜ਼ਾਦੀ ਨਹੀਂ ? ਭਾਈ ਖਾਲਸਾ ਨੇ ਕਿਹਾ ਭਾਰਤ ਵਿੱਚ ਧਰਮ ਦੀ ਅਜ਼ਾਦੀ ਹੋਣ ਕਰਕੇ ਭਾਰਤੀ ਫੌਜ ਅੰਦਰ ਮੁਸ਼ਿਕਲ ਭਾਈ ਚਾਰੇ ਨੂੰ ਈਦ ਦੇ ਮੌਕੇ ਰੋਜ਼ੇ ਰੱਖਣ ਤੇ ਪਾਠ ਪੂਜਾ ਕਰਨ ਲਈ ਛੁੱਟੀ ਦਿੱਤੀ ਜਾਂਦੀ ਹੈ ਜੋ ਭਾਰਤ ਦੇਸ ਦਾ ਵਡੱਪਣ ਹੈ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅੱਜ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਲੱਖ ਲੱਖ ਮੁਬਾਰਕਾਂ ਦੇਂਦੀ ਹੈ ਉਥੇ ਮੰਗ ਕਰਦੀ ਹੈ ਕਿ ਭਾਰਤ ਵਿਚ ਵੱਸ ਰਹੇ ਹਰ ਧਰਮ ਦੇ ਲੋਕਾਂ ਨੂੰ ਆਪਣੇ ਧਰਮ ਅਨੁਸਾਰ ਪੂਜਾ ਪਾਠ ਕਰਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ।

## ਇੱਕ ਨਜ਼ਰ ...



### ਦਿੱਲੀ ਗੁਰਦੁਆਰਾ ਕਮੇਟੀ ਨੇ ਗਰਮੀ ਦੀਆਂ ਛੁੱਟੀਆਂ 'ਚ ਧਰਮ ਪ੍ਰਚਾਰ ਨੂੰ ਮੁੱਖ ਰੱਖਦਿਆਂ 250 ਗੁਰਮਤਿ ਕੈਂਪ ਲਗਾਏ: ਜਸਪ੍ਰੀਤ ਸਿੰਘ ਕਰਮਸਰ

ਨਵੀਂ ਦਿੱਲੀ, 7 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਦੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਇਸ ਵਾਰ ਗਰਮੀ ਦੀਆਂ ਛੁੱਟੀਆਂ ਵਿਚ 250 ਗੁਰਮਤਿ ਕੈਂਪ ਲਾਉਣ ਵਿਚ ਸਫਲਤਾ ਹਾਸਲ ਕੀਤੀ ਹੈ। ਇਹ ਪ੍ਰਗਟਾਵਾ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕੀਤਾ ਹੈ ।ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਰਮਸਰ ਨੇ ਦੱਸਿਆ ਕਿ ਇਸ ਵਾਰ 100 ਕੈਂਪ ਕੌਮੀ ਰਾਜਧਾਨੀ ਦਿੱਲੀ ਵਿਚ ਲਗਾਏ ਗਏ ਹਨ ਜਦੋਂ ਕਿ 150 ਕੈਂਪ ਭਾਰਤ ਦੇ ਹੋਰ ਹਿੱਸਿਆਂ ਵਿਚ ਲਗਾਏ ਗਏ ਹਨ।ਉਹਨਾਂ ਦੱਸਿਆ ਕਿ ਇਹਨਾਂ ਕੈਂਪਾਂ ਦਾ ਮਕਸਦ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨਾ ਹੈ।ਇਹ ਕੈਂਪਾਂ ਵਿਚ ਬੱਚਿਆਂ ਨੂੰ ਗੁਰਸਿੱਖੀ ਜੀਵਨ ਜਾਚ ਵੀ ਸਿਖਾਈ ਜਾ ਰਹੀ ਹੈ। ਉਹਨਾਂ ਨੇ ਕੈਂਪਾਂ ਵਾਸਤੇ ਯੋਗਦਾਨ ਦੇਣ ਵਾਸਤੇ ਸਾਰੇ ਪ੍ਰਬੰਧਕਾਂ ਦਾ ਵੀ ਧੰਨਵਾਦ ਕੀਤਾ। ਇਸ ਦੌਰਾਨ ਸਰਦਾਰ ਕਰਮਸਰ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰਬਾਣੀ ਦਾ ਸਿਮਰਨ ਕਰਨ ਵੇਲੇ ਹੌਲੀ ਹੌਲੀ ਪਾਠ ਪੜ੍ਹਿਆ ਕਰਨ। ਉਹਨਾਂ ਕਿਹਾ ਕਿ ਪਾਠ ਤੇਜ਼ ਤੇਜ਼ ਕਰਨ ਨਾਲੋਂ ਹੌਲੀ ਹੌਲੀ ਕਰਨ ਅਤੇ ਇਕੱਲੇ ਇਕੱਲੇ ਸ਼ਬਦ ਨਾਲ ਜੁੜਨ ਨਾਲ ਮਨ ਨੂੰ ਸ਼ਾਂਤੀ, ਠਰੰਮਾ ਤੇ ਰੂਹਾਨੀਅਤ ਤੇ ਸਕੂਨ ਮਿਲਦਾ ਹੈ। ਉਹਨਾਂ ਕਿਹਾ ਕਿ ਬੇਸ਼ੱਕ ਜ਼ਿੰਦਗੀ ਦੀ ਰਫਤਾਰ ਬਹੁਤ ਤੇਜ਼ ਹੋਈ ਹੈ ਪਰ ਮਨ ਨੂੰ ਸ਼ਾਂਤੀ ਤਾਂ ਹੀ ਮਿਲੇਗੀ ਜੇਕਰ ਅਸੀਂ ਮਨ ਨੂੰ ਪੂਰੀ ਤਰ੍ਹਾਂ ਗੁਰਬਾਣੀ ਨਾਲ ਜੋੜੀਏ।

### ਫਿਰੌਤੀਆਂ ਮੰਗਣ ਵਾਲੇ ਅਨਸਰਾਂ ਨੂੰ ਖਾਲਸਾ ਪੰਥ ਨੱਥ ਪਾਉਣਾ ਜਾਣਦਾ ਸਹਿਰ ਵਾਸੀਆਂ ਨੂੰ ਘਬਰਾਉਣ ਦੀ ਲੋੜ ਨਹੀਂ ਦਲ ਪੰਥ ਹਮੇਸ਼ਾਂ ਤੁਹਾਡੇ ਨਾਲ ਖੜ੍ਹਾ : ਬਾਬਾ ਮੇਜਰ ਸਿੰਘ ਸੋਢੀ





ਜੰਡਿਆਲਾ ਗੁਰੂ 7 ਜੂਨ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਜੰਡਿਆਲਾ ਗੁਰੂ ਵੈਰੋਵਾਲ ਰੋਡ ਵਿਖੇ ਸਥਿਤ ਸੁਰਿੰਦਰ ਕਰਿਆਨਾ ਸਟੋਰ ਤੇ ਮੋਟਰਸਾਇਕਲ ਸਵਾਰਾਂ ਵੱਲੋਂ ਚਲਾਈ ਗਈ ਗੋਲੀ ਸੰਬੰਧੀ ਅੱਜ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾਦਲ ਦੇ ਚੀਫ ਕਮਾਂਡਰ ਬਾਬਾ ਮੇਜਰ ਸਿੰਘ ਸੋਢੀ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਜਥੇ ਸਮੇਤ ਸਰਿੰਦਰ ਕਰਿਆਨਾ ਸਟੋਰ ਵਿਖੇ ਪਹੁੰਚੇ ਇਸ ਮੌਕੇ ਤੇ ਬਾਬਾ ਮੇਜਰ ਸਿੰਘ ਸੋਢੀ ਜੀ ਨੇ ਕਿਹਾ ਕਿ ਜੰਡਿਆਲਾ ਗੁਰੂ ਸ਼ਹਿਰ ਆਏ ਦਿਨ ਵੱਧ ਰਹੀਆਂ ਵਾਰਦਾਤਾਂ ਨਾਲ ਸਹਿਰ ਵਿੱਚ ਸਹਿਮ ਦਾ ਮਾਹੌਲ ਪੈਦਾ ਕਰਨ ਦੀਆਂ ਕੋਸਿਸਾਂ ਕੀਤੀਆ ਜਾ ਰਹੀਆ ਹਨ ਬੀਤੇ ਦਿਨ ਸਹਿਰ ਦੇ ਕੌਂਸਲਰ ਦੇ ਸਿਰ ਵਿਚ ਗੋਲੀਆਂ ਮਾਰ ਕਿ ਉਸ ਦਾ ਕਤਲ ਕਰ ਦਿੱਤਾ ਗਿਆ ਅਤੇ ਕੁਝ ਦਿਨਾਂ ਬਾਅਦ ਸੁਰਿੰਦਰ ਕਰਿਆਨਾ ਸਟੋਰ ਉਪਰ ਫਿਰੌਤੀ ਦੇ ਕੇਸ ਚ ਤਿੰਨ ਨਕਾਬਪੋਸ਼ ਮੋਟਰਸਾਇਕਲ ਸਵਾਰਾਂ ਵੱਲੋਂ ਗੋਲੀਆਂ ਚਲਾਈਆਂ ਗਈਆਂ ਜਿਸ ਵਿੱਚ ਇੱਕ ਮਜਦੂਰ ਵਿਅਕਤੀ ਜੋ ਡਲਿਵਰੀ ਕਰਨ ਆਏ ਦੇ ਦੋ ਗੋਲੀਆਂ ਲੱਗ ਗਈਆਂ ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਇੱਥੇ ਮੈਂ ਕਹਿਣਾ ਚਾਹੁੰਦਾ ਹਾਂ ਕਿ ਇਨਾਂ ਭੈੜੇ ਅਨਸਰਾਂ ਨੂੰ ਖਾਲਸਾ ਪੰਥ ਨੱਥ ਪਾਉਣਾ ਜਾਣਦਾ ਹੈ ਅਤੇ ਸਹਿਰ ਵਾਸੀਆਂ ਨੂੰ ਦੱਸ ਦੇਣਾ ਚਾਹੁੰਦੇ ਹਾਂ ਕਿ ਦਲ ਪੰਥ ਹਮੇਸ਼ਾਂ ਤੁਹਾਡੇ ਨਾਲ ਖੜ੍ਹਾ ਹੈ ਅੱਗੇ ਉਨਾਂ ਕਿਹਾ ਕਿ ਜੰਡਿਆਲਾ ਗੁਰੂ ਵਿੱਚ ਮਿਹਨਤਕਸ਼ ਲੋਕ ਵੱਸਦੇ ਹਨ ਇੱਥੇ ਬਹੁਤ ਵੱਡੇ ਕਾਰੋਬਰੀਏ ਨਹੀਂ ਬੈਠੇ ਜੋ ਗੈਂਗਵਾਰ ਦੇ ਭਟਕੇ ਹੋਏ ਨੌਜਵਾਨਾਂ ਵੱਲੋਂ ਇਨਾਂ ਦੁਕਾਨਦਾਰਾਂ ਕੋਲੋਂ ਲੱਖਾਂ ਕਰੋੜਾਂ ਦੀਆਂ ਫਿਰੌਤੀਆਂ ਮੰਗੀਆਂ ਜਾ ਰਹੀਆ ਹਨ ਮੈਂ ਸਖਤ ਸਬਦਾਂ ਵਿਚ ਉਨਾਂ ਨੂੰ ਤਾੜਨਾ ਕਰਦਾ ਹਾਂ ਕਿ ਭਾਈ ਆਪਣੀ ਮੇਹਨਤ ਕਰਕੇ ਆਪਣੇ ਸੌਂਕ ਪੂਰੇ ਕਰੋ ਕਿਉਂ ਕਿਸੇ ਦੂਜੇ ਦੀ ਮਿਹਨਤ ਦੇ ਪੈਸੇ ਤੇ ਨਜਰਾਂ ਟਿਕਾਈਆਂ ਹੋਈਆਂ ਹਨ ਇਨਾਂ ਕਾਰੋਬਾਰੀਆਂ ਨੂੰ ਸੌ ਦੋ ਸੌ ਇਕ ਬੋਰੀ ਵੇਚ ਕਿ ਬਚਦੇ ਹੋਣਗੇ ਤੇ ਤੁਸੀਂ ਫਿਰੌਤੀਆਂ ਮੰਗਣ ਵਾਲੇ ਲੱਖਾਂ ਰੁਪਏ ਦੀ ਮੰਗ ਕਰਦੇ ਹੋ ਇਸ ਲਈ ਮੈਂ ਦੁਬਾਰਾ ਕਹਿਣਾ ਚਾਹੁੰਦਾ ਹਾਂ ਕਿ ਆਪਣੀ ਮਿਹਨਤ ਕਰੋ ਤੇ ਆਪਣੇ ਜੀਵਨ ਨੂੰ ਸਵਾਰ ਕਿ ਜੀਓ ਅਤੇ ਦੂਜਿਆਂ ਨੂੰ ਜੀਨ ਦਿਓ ਆਖਿਰ ਵਿੱਚ ਬਾਬਾ ਬਿਬੇਕ ਸਿੰਘ ਜੀ ਨੇ ਮੰਗ ਕਰਦਿਆਂ ਹੋਇਆ ਕਿਹਾ ਕਿ ਥਾਣਾ ਜੰਡਿਆਲਾ ਗੁਰੂ ਦੇ ਐਸ ਐਚ ਓ ਨੂੰ ਬਦਲਿਆ ਜਾਵੇ ਜਦੋਂ ਵੀ ਕੁਰੱਪਟ ਮੁਲਾਜ਼ਮਾਂ ਬਾਰੇ ਸਾਡੇ ਵੱਲੋਂ ਸੱਚ ਬੋਲਿਆ ਜਾਂਦਾ ਤਾਂ ਸਾਡੇ ਪਿੱਛੇ ਪ੍ਰਸਾਸਨ ਲਗਾ ਦਿੱਤਾ ਜਾਂਦਾ ।

# ਤੀਜੇ ਘੱਲੂਘਾਰੇ ਦੀ 41 ਵੀ ਵਰ੍ਹੇ ਗੰਢ ਤੇ ਜਰਮਨੀ ਦੀਆਂ ਪੰਥਕ ਜਥੇਬੰਦੀਆਂ ਵੱਲੋਂ ਭਾਰਤੀ ਕੌਂਸਲੇਟ ਅੱਗੇ ਭਾਰੀ ਰੋਸ ਪ੍ਰਦਰਸ਼ਨ



ਨਵੀਂ ਦਿੱਲੀ , 7 ਜੂਨ (ਮਨਪ੍ਰੀਤ ਸਿੰਘ ਖਾਲਸਾ): ਜੂਨ 1984 ਚ ਭਾਰਤੀ ਫੌਜਾ ਨੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਅਕਾਲ ਤਖ਼ਤ ਸਮੇਤ 37 ਗੁਰਧਾਮਾਂ ਤੇ ਹਮਲਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿਢੇਰੀ ਕੀਤਾ ਅਤੇ ਦਰਬਾਰ ਸਾਹਿਬ ਚ ਗੋਲੀਆਂ ਮਾਰੀਆਂ। ਗੁਰਧਾਮਾਂ ਦੇ ਦਰਸ਼ਨ ਦਿਦਾਰੇ ਕਰਨ ਆਈਆਂ ਨਿਰਦੋਸ਼ ਅਤੇ ਨਿਹੱਥੀਆਂ ਸੰਗਤਾਂ ਨੌਜਵਾਨ, ਬਿਰਧ, ਬੱਚਿਆਂ, ਔਰਤਾਂ ਨੂੰ ਬੇਰਿਹਮੀ ਨਾਲ ਗੋਲੀਆਂ ਮਾਰ ਮੌਤ ਦੇ ਮੂੰਹ ਚ ਸੁੱਟ ਦਿੱਤਾ ਗਿਆ ਸੀ। ਇਸ ਦੁਖਾਂਤ ਨੂੰ ਕੌਮ ਤੀਜੇ ਘੱਲੂਘਾਰੇ ਦੇ ਤੌਰ ਤੇ ਯਾਦ ਕਰਦੀ ਹੋਈ ਭਾਰਤੀ ਹੁਕਮਰਾਨ ਵੱਲੋਂ ਦਿੱਤੇ ਉਹਨਾਂ ਜਖਮਾਂ ਚੋ ਉੱਠੀ ਉਹ ਹੂਕ ਖਾਲਿਸਤਾਨ ਦੀ ਪ੍ਰਪਤੀ ਲਈ ਮੁੜ ਅਪਣੀ ਬਚਨਧਤਾ ਦੁਹਰਾਉਣ ਲਈ ਦੇਸ਼ਾਂ ਵਿਦੇਸ਼ਾਂ ਦੇ ਭਾਰਤੀ ਦੂਤਘਰਾਂ ਸਾਹਮਣੇ ਉਹਨਾਂ ਦੇ ਹੁਕਮਰਾਨਾਂ ਦੀਆਂ ਸਿੱਖਾਂ ਨਾਲ ਕੀਤੀਆਂ ਬੇਇਨਸਾਫ਼ੀਆਂ ਅਤੇ ਉਹਨਾਂ ਦੇ ਕੀਤੇ ਵਾਅਦਿਆਂ ਤੋਂ ਮੁੱਮਕਨ ਦਾ ਅਹਿਸਾਸ ਕਰਾਉਂਦੇ ਹਨ ।ਜਰਮਨੀ ਦੀਆਂ ਪੰਥਕ ਜਥੇਬੰਦੀਆਂ ਵੱਲੋਂ 6 ਜੂਨ ਨੂੰ ਭਾਰਤੀ ਸਫ਼ਾਰਤਖ਼ਾਨੇ ਫਰੈਂਕਫੋਰਟ ( ਜਰਮਨੀ) ਸਾਹਮਣੇ ਭਾਰੀ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੁਜ਼ਾਹਰੇ ਚ ਜਰਮਨੀ ਦੇ ਵੱਖ ਵੱਖ ਸ਼ਹਿਰਾਂ ਚੋ ਸਿੱਖ ਸੰਗਤਾਂ ਅਪਣੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੱਚੀਆ ਹੋਈਆਂ ਸਨ। ਸਿੱਖ ਫੈਡਰੇਸ਼ਨ ਆਗੂ ਭਾਈ ਗੁਰਦਿਆਲ ਸਿੰਘ ਲਾਲੀ ਵੱਲੋਂ ਸਮੇਂ ਦੀ ਵੰਡ ਕਰਦਿਆਂ ਬੱਬਰ ਖਾਲਸਾ ਜਰਮਨੀ ਦੇ ਭਾਈ ਰੇਸ਼ਮ ਸਿੰਘ ਬੱਬਰ, ਦਲ ਖ਼ਾਲਸਾ ਦੇ ਭਾਈ ਗੁਰਦੀਪ ਸਿੰਘ ਪ੍ਰਦੇਸੀ ( ਹਾਈਜੈਕਰ) ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ , ਭਾਈ ਗੁਰਚਰਨ ਸਿੰਘ ਗਰਾਇਆ, ਸ਼੍ਰੋਮਣੀ ਅਕਾਲੀ ਦਲ ਵਾਰਸ ਪੰਜਾਬ ਭਾਈ ਜਗਤਾਰ ਸਿੰਘ ਮਾਹਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਭਾਈ ਹੀਰਾ ਸਿੰਘ ਮੱਤੇਵਾਲ, ਇੰਟਰਨੈਸਨਲ ਸਿੱਖ ਫੈਡਰੇਸ਼ਨ ਜਰਮਨੀ ਭਾਈ ਜਰਨੈਲ ਸਿੰਘ, ਜਥੇਦਾਰ ਸਤਨਾਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਭਾਈ ਪ੍ਰਤਾਪ ਸਿੰਘ, ਭਾਈ ਹਰਮੀਤ ਸਿੰਘ, ਗੁਰਨੀਤ ਪਾਲ ਸਿੰਘ ਹੇਰਾਂ, ਕਰਨ ਪਾਲ ਸਿੰਘ ਹੇਰਾਂ ਦੇ ਨਾਲ ਭਾਈ ਜੁਗਰਾਜ ਸਿੰਘ ਵਲੋਂ ਮੁਜ਼ਾਹਰੇ ਨੂੰ ਸੰਬੋਧਨ ਕਰਨ ਲਈ ਸਟੇਜ ਦੀ ਸੇਵਾ ਨਿਭਾਈ ਗਈ ਸੀ । ਮੁਜ਼ਾਹਰੇ ਨੂੰ ਸੰਬੋਧਨ ਹੁੰਦਿਆਂ ਸਮੂੱਹ ਬਲਾਰਿਆਂ ਵੱਲੋਂ ਭਾਰਤੀ ਹੁਕਮਰਾਨ ਦੀਆਂ ਸਿੱਖਾਂ ਨਾਲ ਦੋਹਰੇ ਮਾਪਦੰਡ,ਘੱਟ ਗਿਣਤੀ ਨਾਲ ਜ਼ੁਲਮ ਦੀ ਦਾਸਤਾਨ, ਪਾਕਿਸਤਾਨ, ਇੰਗਲੈਂਡ, ਕਨੇਡਾ ਚ ਭਾਰਤੀ ਏਜੰਸੀਆਂ ਵੱਲੋਂ ਭਾੜੇ ਤੇ ਗੁੰਡਿਆਂ ਵੱਲੋਂ ਕਰਵਾਏ ਗਏ ਕਤਲ ਅਮਰੀਕਾ ਚ ਕਤਲ ਦੀ ਸਾਜ਼ਸ਼, ਦਹਾਕਿਆਂ ਵੱਧੀ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਦੀ ਨਜ਼ਰਬੰਦੀ ਸਾਨੂੰ ਸਾਡੇ ਨਿਸ਼ਾਨੇ ਖਾਲਸਿਤਾਨ ਤੋਂ ਥਿੜਕਾ ਨਹੀ ਸਕਦੀਆਂ। ਸਿੱਖ ਨੌਜਵਾਨੀ ਅੱਜ ਇਸ ਗੱਲ ਦੀ ਸਮਝ ਬਣਾ ਚੁੱਕੀ ਹੈ ਕਿ ਸਿੱਖਾਂ ਦਾ ਅਪਣੇ ਵੱਖਰੇ ਘਰ ਖਾਲਿਸਤਾਨ ਬਿਨਾ ਗੁਜ਼ਾਰਾ ਨਹੀਂ। ਜਿਸ ਕਰਕੇ ਇਸ ਮੁਜ਼ਾਹਰੇ ਚ ਨੌਜਵਾਨਾਂ ਦੀ ਭਾਰੀ ਗਿਣਤੀ ਚ ਹਾਜ਼ਰੀ ਰਹੀ। ਸਾਡਾ ਸੰਘਰਸ਼ ਖਾਲਸਿਤਾਨ ਦੀ ਮੰਜ਼ਲ ਤੱਕ ਜਾਰੀ ਰਹੇਗਾ। ਖਾਲਿਸਤਾਨ ਜ਼ਿੰਦਾਬਾਦ, ਰਾਜ ਕਰੇਗਾ ਖਾਲਸਾ, ਸੰਤ ਜਰਨੈਲ ਸਿੰਘ ਭਿੰਡਰਾਂ ਵਾਲੇ ਅਮਰ ਰਹੇ ਦੇ ਅਕਾਸ਼ ਗੰਜਾਊ ਨਾਹਰੇ ਵਾਰ ਵਾਰ ਲੱਗਦੇ ਰਹੇ। ਭਾਈ ਗਰਪਾਲ ਸਿੰਘ ਪਾਲਾ, ਭਾਈ ਭਗਵਾਨ ਸਿੰਘ ਮਨਹਾਇਮ, ਭਾਈ ਅਨੂਪ ਸਿੰਘ ਪ੍ਰਧਾਨ ਸਿੱਖ ਸੈਂਟਰ ਫਰੈਕਫੋਰਟ, ਭਾਈ ਕਲਦੀਪ ਸਿੰਘ ਹੈਪੀ, ਜਤਿੰਦਰਪਾਲ ਸਿੰਘ ਬੱਬਰ, ਅਰਸ਼ਦੀਪ ਸਿੰਘ ਆਦਿ ਮੁਜ਼ਾਹਰੇ ਚ ਹਾਜ਼ਰ ਸਨ।

### ਐਸ ਜੀ ਪੀ ਸੀ ਪ੍ਰਧਾਨ ਸ੍ਰ: ਹਰਜਿੰਦਰ ਸਿੰਘ ਧਾਮੀ ਵੱਲੋਂ

# ਘੱਲੂਘਾਰਾ ਦਿਵਸ ਮੌਕੇ ਵੱਡੇ ਟਕਰਾਅ ਨੂੰ ਟਾਲਣਾ ਤੇ ਜਥੇਦਾਰ ਗੜਗੱਜ ਦਾ ਸਤਿਕਾਰ ਬਰਕਰਾਰ ਰੱਖਣ ਲਈ ਬਣਾਈ ਨੀਤੀ ਸ਼ਲਾਘਾਯੋਗ : ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ

**ਦੇਸ਼ਾਂ ਵਿਦੇਸ਼ਾਂ ਦੀਆਂ ਨਾਨਕ ਨਾਮ ਸੰਗਤਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਦੀ ਇਸ ਨੀਤੀ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਇਸ ਕਰਕੇ ਨਿਹੰਗ ਸਿੰਘ ਜਥੇਬੰਦੀਆਂ ਜਥੇਦਾਰ ਹਰਜਿੰਦਰ ਸਿੰਘ ਧਾਮੀ ਵੱਲੋਂ...**



ਜੰਡਿਆਲਾ ਗੁਰੂ, 7 ਜੂਨ ( ਕੁਲਵੰਤ ਸਿੰਘ ਵਿਰਦੀ ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਵੱਲੋਂ ਘੱਲੂਘਾਰਾ ਦਿਵਸ ਮੌਕੇ ਇੱਕ ਵੱਡੇ ਟਕਰਾਅ ਨੂੰ ਟਾਲਣ ਅਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸਤਿਕਾਰ ਰੱਖਣ ਤਹਿਤ ਬਣਾਈ ਵਿਉਂਤ ਬੰਦੀ ਵਾਲੀ ਨੀਤੀ ਬਹੁਤ ਹੀ ਸ਼ਲਾਘਾਯੋਗ ਤੇ ਸਮੇਂ ਦੀ ਲੋੜ ਵਾਲੀ ਮੰਨੀ ਜਾ ਰਹੀ ਹੈ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਕਮੇਟੀ ਪ੍ਰਧਾਨ ਦੀ ਇਸ ਨੀਤੀ ਦਾ ਸਵਾਗਤ ਕੀਤਾ ਜਾ ਰਿਹਾ ਹੈ ਭਾਵੇਂ ਕਿ 41 ਸਾਲਾਂ ਤੋਂ ਅਕਾਲਤਖਤ ਸਾਹਿਬ ਦੇ ਜਥੇਦਾਰ ਵੱਲੋਂ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਸਿੱਖ ਕੌਮ ਨੂੰ ਦਿੱਤੇ ਜਾਣ ਵਾਲੇ ਸੁਦੇਸ਼ ਅਤੇ ਸ਼ਹੀਦ ਪਰਿਵਾਰਾਂ ਦਾ ਸਨਮਾਨ ਕਰਨ ਵਾਲੀ ਮਰਯਾਦਾ ਪਰੰਪਰਾ ਦਾ ਉਲੰਘਣਾ ਹੋਈ ਹੈ ਪਰ ਅਕਾਲ ਤਖ਼ਤ ਸਾਹਿਬ ਤੇ ਇੱਕ ਵੱਡੇ ਟਕਰਾਅ ਤੋਂ ਸਿੱਖ ਕੌਮ ਨੂੰ ਬਚਾਉਣਾ ਤੇ ਜਥੇਦਾਰ ਅਕਾਲ ਤਖ਼ਤ ਸਾਹਿਬ ਦੇ ਅਹੁਦੇ ਦਾ ਮਾਣ ਸਨਮਾਨ ਬਣਾਈ ਰੱਖਣਾ ਭਾਈ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੱਡੀ ਸੂਜ ਬੂਜ ਤੇ ਸਿਆਣਪ ਮੰਨੀ ਜਾ ਸਕਦੀ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਹੀਦ ਬਾਬਾ ਨਿਬਾਹੂ ਸਿੰਘ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ ਨਿਹੰਗ ਸਿੰਘਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ, ਜਥੇਦਾਰ ਮੁਸਤਫ਼ਾ ਪੁਰ ਨੇ ਬੋਲਦਿਆਂ ਸਪੱਸ਼ਟ ਕੀਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੇ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਧੁੰਮਾਂ ਅਤੇ ਦਰਬਾਰ ਸਾਹਿਬ ਦੇ ਸਹੀਦ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਦੋਹਾਂ ਸਪੁੱਤਰਾਂ ਬਾਬਾ ਈਸ਼ਰ ਸਿੰਘ ਜੀ ਅਤੇ ਭਾਈ ਇੰਦਰਜੀਤ ਸਿੰਘ ਦੇ ਨਾਲ ਨਾਲ ਕਈ ਸਿੱਖ ਪੰਥ ਦੀਆਂ ਜਥੇਬੰਦੀਆਂ ਦੇ ਆਗੂਆਂ ਵੱਲੋਂ ਬਾਦਲ ਦੀ ਸਰਪ੍ਰਸਤੀ ਹੇਠ ਰਾਤ ਦੇ ਹਨੇਰੇ'ਚ ਸਿੱਖੀ ਸਿਧਾਂਤਾਂ ਤੇ ਪੁਰਾਤਨ ਮਰਯਾਦਾ ਦੀ ਉਲੰਘਣਾ ਕਰਕੇ ਬਣੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਘੱਲੂਘਾਰੇ ਮੌਕੇ ਸੁਦੇਸ਼ ਨਾਂ ਪੜਨ ਦੀ ਵਿਰੋਧਤਾ ਨੂੰ ਰੱਖ ਕੇ ਇੱਕ ਪੈਂਤੜੇ ਰਾਹੀਂ ਜਿੱਥੇ ਘੱਲੂਘਾਰੇ ਦਿਵਸ਼ ਮੌਕੇ ਇੱਕ ਵੱਡੇ ਟਕਰਾਅ ਨੂੰ ਟਾਲਣ ਅਤੇ ਜਥੇਦਾਰ ਗੜਗੱਜ ਦਾ ਸਨਮਾਨ ਕਾਇਮ ਰੱਖਣ ਲਈ ਜਿਸ ਨੀਤੀ ਦੀ ਵਰਤੋਂ ਕੀਤੀ ਉਹ ਕੌਮ ਨੂੰ ਹੈਰਾਨ ਕਰਨ ਵਾਲੀ ਹੈ, ਜਥੇਦਾਰ ਮੁਸਤਫ਼ਾ ਪੁਰ ਨੇ ਇਸ ਨੀਤੀ ਨਾਲ ਜਿੱਥੇ ਅਕਾਲ ਤਖ਼ਤ ਸਾਹਿਬ ਤੇ ਹੋਣ ਵਾਲਾ ਵੱਡਾ ਟਕਰਾਅ ਟਲ ਗਿਆ ਉਥੇ ਜਥੇਦਾਰ ਸਾਹਿਬ ਦੇ ਉੱਚ ਆਹੁਦੇ ਦਾ ਵੀ ਸਨਮਾਨ ਕਾਇਮ ਰਿਹਾ, ਇਸੇ ਹੀ ਕਰਕੇ ਦੇਸ਼ਾਂ ਵਿਦੇਸ਼ਾਂ ਦੀਆਂ ਨਾਨਕ ਨਾਮ ਸੰਗਤਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਦੀ ਇਸ ਨੀਤੀ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਇਸ ਕਰਕੇ ਨਿਹੰਗ ਸਿੰਘ ਜਥੇਬੰਦੀਆਂ ਜਥੇਦਾਰ ਹਰਜਿੰਦਰ ਸਿੰਘ ਧਾਮੀ ਵੱਲੋਂ ਵਰਤੀ ਨੀਤੀ ਦੀ ਸ਼ਲਾਘਾ ਕਰਦਿਆਂ ਹੋਈਆਂ ਸਰਕਾਰ ਤੋਂ ਮੰਗ ਕਰਦੀਆਂ ਹਨ ਕਿ 15 ਸਾਲ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਾਂ ਕਰਵਾਉਣ ਵਾਲੀ ਨੀਤੀ ਤਿਆਗ ਕੀਤਾ ਜਾਵੇ ਅਤੇ ਜਲਦੀ ਤੋਂ ਜਲਦੀ ਚੋਣਾਂ ਕਰਵਾਈਆਂ ਜਾਣ ਤਾਂ ਕਿ ਅੱਗੇ ਤੋਂ ਸਿੱਖ ਸੰਗਤਾਂ ਨੂੰ ਅਜਿਹੇ ਮੌਕਾ ਦਾ ਸਹਾਮਣਾ ਨਾ ਕਰਨਾ ਪਵੇ,ਇਹ ਮੀਟਿੰਗ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਆ ਰਹੀ 350 ਸੌ ਸਾਲਾਂ ਸ਼ਹੀਦੀ ਸ਼ਤਾਬਦੀ ਅਤੇ ਗੁਰੂ ਸਾਹਿਬ ਜੀ ਦਾ ਪਾਵਨ ਪਵਿੱਤਰ ਸੀਸ ਦਿੱਲੀ ਤੋਂ ਪੈਦਲ ਚੱਲ ਕੇ ਅਨੰਦਪੁਰ ਸਾਹਿਬ ਦੀ ਧਰਤੀ ਤੇ ਗੁਰੂ ਗੋਬਿੰਦ ਸਿੰਘ ਜੀ ਨੂੰ ਭੇਟ ਕਰਕੇ ਰੰਗਰੇਟਾ ਗੁਰ ਕੇ ਬੇਟੇ ਦਾ ਵਰਦਾਨ ਪ੍ਰਾਪਤ ਕਰਨ ਵਾਲੇ ਸ਼੍ਰੋਮਣੀ ਜਰਨੈਲ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਸੀਸ ਭੇਂਟ ਯਾਤਰਾ ਸਬੰਧੀ ਕੀਤੀ ਗਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਸੀਸ ਭੇਂਟ ਨਗਰ ਕੀਰਤਨ ਦੇ ਚੇਅਰਮੈਨ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ,ਜਨਰਲ ਸਕੱਤਰ ਜਥੇਦਾਰ ਬਾਬਾ ਸੁਖਪਾਲ ਸਿੰਘ ਮਾਲਵਾ ਤਰਨਾ ਦਲ ਸ਼ਹੀਦ ਬਾਬਾ ਸੰਗਤ ਸਿੰਘ ਜੀ ਫੂਲ ਬਠਿੰਡਾ ਤੇ ਖਜਾਨਚੀ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ ਮਜੀਠਾ ਬਾਈਪਾਸ, ਜਥੇਦਾਰ ਬਾਬਾ ਮੱਖਣ ਸਿੰਘ ਰੰਘੜਨੰਗਲ, ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਜਥੇਦਾਰ ਬਾਬਾ ਬਲਬੀਰ ਸਿੰਘ ਖਾਪੜਖੇੜੀ, ਜਥੇਦਾਰ ਭਾਈ ਹਰਜਿੰਦਰ ਸਿੰਘ ਮੁਕਤਸਰ ਸਾਹਿਬ ਤੋਂ ਇਲਾਵਾ ਕਈ ਦਲਪੰਥ ਮੁਖੀ ਹਾਜ਼ਰ ਸਨ, ਜਥੇਦਾਰ ਮੁਸਤਫ਼ਾ ਪੁਰ ਨੇ ਦੱਸਿਆ ਅਜਿਹੀ ਮੀਟਿੰਗ 15 ਜੂਨ ਨੂੰ ਪਿੰਡ ਮੁਸਤਫ਼ਾ ਪੁਰ ਗੁਰਦਾਸਪੁਰ ਕੀਤੀ ਜਾਵੇਗੀ ।